ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 3 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੨੧ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਹਰਦੀਪ ਸਿੰਘ ਨਿੱਝਰ ਦੇ ਕਰੀਬੀ ਦੋਸਤ ਸਿਮਰਨਜੀਤ ਸਿੰਘ ਦੇ ਘਰ ’ਤੇ ਕੀਤੀ ਗਈ 20-22 ਰਾਊਂਡ ਗੋਲੀਬਾਰੀ



**ਨਵੀਂ ਦਿੱਲੀ 2 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਵਿਦੇਸ਼ਾਂ ਅੰਦਰ ਹੋ ਰਹੇ ਸਿੱਖਾਂ ਦੇ ਕਤਲਾਂ ਦੇ ਮਾਮਲੇ ਵਿਚ ਹਿੰਦੁਸਤਾਨ ਹੋਣ ਦੇ ਦੋਸ਼ਾਂ ਦੌਰਾਨ ਬੀਤੀ ਰਾਤ ਬ੍ਰਿਟਿਸ਼ ਕੋਲੰਬੀਆ ਦੇ ਸਰੀ ਸ਼ਹਿਰ ’ਚ 18 ਜੂਨ ਨੂੰ ਕਤਲ ਕੀਤੇ ਗਏ ਖਾਲਿਸਤਾਨ ਸਮਰਥਕ ਹਰਦੀਪ ਸਿੰਘ ਨਿੱਝਰ ਦੇ ਇਕ ਕਰੀਬੀ ਸਾਥੀ ਸਿਮਰਨਜੀਤ ਸਿੰਘ ਦੇ ਘਰ ’ਤੇ ਕਈ ਰਾਊਂਡ ਗੋਲੀਆਂ ਚਲਾਈਆਂ ਗਈਆਂ ਹਨ । ਘਟਨਾ ਵੀਰਵਾਰ ਤੜਕੇ ਵਾਪਰੀ ਅਤੇ ਗਵਾਹਾਂ ਨੇ ਦੱਸਿਆ ਕਿ ਘਰ ਦੇ ਨਾਲ-ਨਾਲ ਘਰ ਵਿੱਚ ਖੜ੍ਹੀ ਇੱਕ ਕਾਰ ਨੂੰ ਵੀ ਗੋਲੀਆਂ ਲੱਗੀਆਂ। ਰਾਇਲ ਕੈਨੇਡੀਅਨ ਮਾਊਂਟਿਡ ਪੁਲਿਸ ਦੀ ਸਰੀ ਡਿਟੈਚਮੈਂਟ ਨੇ ਦੱਖਣੀ ਸਰੀ ਵਿੱਚ ਇੱਕ ਰਿਹਾਇਸ਼ ’ਤੇ ਗੋਲੀਬਾਰੀ ਦੀ ਪੁਸ਼ਟੀ ਕੀਤੀ ਹੈ। ਸਰੀ ਆਰਸੀਐਮਪੀ ਨੇ ਕਿਹਾ ਕਿ 1 ਫਰਵਰੀ ਨੂੰ, ਲਗਭਗ ਰਾਤ ਦੇ 1:21 ਵਜੇ, ਉਸਨੂੰ ਇੱਕ ਰਿਹਾਇਸ਼ ’ਤੇ ਗੋਲੀ ਚੱਲਣ ਦੀ ਰਿਪੋਰਟ ਮਿਲੀ ਅਤੇ ਫਰੰਟਲਾਈਨ ਅਧਿਕਾਰੀ “ਘਟਨਾ ਸਥਲ ’ਤੇ ਗਏ ਅਤੇ ਗੋਲੀਬਾਰੀ ਨਾਲ ਸਬੰਧਤ ਸਬੂਤ ਲੱਭੇ।ਆਰਸੀਐਮਪੀ ਦਾ ਮੇਜਰ ਕ੍ਰਾਈਮ ਸੈਕਸ਼ਨ ਇਸ ਮਾਮਲੇ ਦੀ ਜਾਂਚ ਕਰ ਰਿਹਾ ਹੈ। ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਇਹ ਇੱਕ ਅਲੱਗ ਤਰ੍ਹਾਂ ਦੀ ਘਟਨਾ ਹੈ, ਅਸੀਂ ਘਟਨਾ ਦੇ ਉਦੇਸ਼ ਦਾ ਪਤਾ ਲਗਾਉਣ ਲਈ ਕੰਮ ਕਰ ਰਹੇ ਹਾਂ । ਖਾਲਿਸਤਾਨ ਸਮਰਥਕ ਸਮੂਹ ਪਹਿਲਾਂ ਹੀ ਦੋਸ਼ ਲਗਾ ਰਹੇ ਹਨ ਕਿ ਹਮਲੇ ਪਿੱਛੇ ਹਿੰਦੁਸਤਾਨ ਦਾ ਹੱਥ ਸੀ। ਕਿਉਂਕਿ ਸਿਮਰਨਜੀਤ ਸਿੰਘ ਨੇ 26 ਜਨਵਰੀ ਨੂੰ ਵੈਨਕੂਵਰ ਵਿੱਚ ਹਿੰਦੁਸਤਾਨੀ ਕੌਂਸਲੇਟ ਦੇ ਬਾਹਰ ਇੱਕ ਵਿਰੋਧ ਪ੍ਰਦਰਸ਼ਨ ਕਰਨ ਵਿੱਚ ਮਦਦ ਕੀਤੀ ਸੀ। ਵੱਖ ਵੱਖ ਦੇਸ਼ਾਂ ਅੰਦਰ ਰਹਿ ਰਹੇ ਆਜ਼ਾਦੀ ਪਸੰਦ ਸਿੱਖਾਂ ਨੇ ਮਾਮਲੇ ਦੀ ਕੜੀ ਨਿੰਦਾ ਕਰਦਿਆਂ ਕਨੈਡਾ ਸਰਕਾਰ ਨੂੰ ਇਸ ਦੀ ਬਰੀਕੀ ਨਾਲ ਜਾਂਚ ਕਰਣ ਦੀ ਅਪੀਲ ਕੀਤੀ ਹੈ । ਜਿਕਰਯੋਗ ਹੈ ਕਿ ਬੀਤੇ ਦੋ ਤਿੰਨ ਦਿਨ ਪਹਿਲਾਂ ਯੂਕੇ ਦੇ ਐਮਪੀਜ ਨੇ ਵੀ ਬ੍ਰਿਟਿਸ਼ ਸੁਰੱਖਿਆ ਮੰਤਰੀ ਨਾਲ ਕੁਝ ਬ੍ਰਿਟਿਸ਼ ਸਿੱਖਾਂ ਦੀ ਜਾਣ ਨੂੰ ਖਤਰਾ ਹੋਣ ਕਰਕੇ ਓਸ ਨਾਲ ਮੁਲਾਕਾਤ ਕਰਕੇ ਸਿੱਖਾਂ ਦੀ ਸੁਰੱਖਿਆ ਲਈ ਗੰਭੀਰਤਾ ਨਾਲ ਕਦਮ ਚੁੱਕਣ ਲਈ ਕਿਹਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV







ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

## ਦਿੱਲੀ ਵਿੱਚ ਆਪ ਨੇ ਕੀਤਾ ਰੋਸ ਪ੍ਰਦਰਸ਼ਨ

# ‘ਗਲੀ-ਗਲੀ ’ਚ ਸ਼ੋਰ ਹੈ ਭਾਜਪਾ ਵੋਟ ਚੋਰ ਹੈ’ ਦੇ ਲਾਏ ਨਾਅਰੇ

**ਨਵੀਂ ਦਿੱਲੀ, 2 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਮੇਅਰ ਚੋਣਾਂ ਵਿੱਚ ਬੇਨਿਯਮੀਆਂ ਦਾ ਦੋਸ਼ ਲਾਉਂਦਿਆਂ ਦਿੱਲੀ ਵਿੱਚ ਪ੍ਰਦਰਸ਼ਨ ਕਰ ਰਹੀ ਹੈ। ਇਸ ਦੌਰਾਨ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਭਾਜਪਾ ਚੰਡੀਗੜ੍ਹ ’ਚ ਵੋਟਾਂ ਚੋਰੀ ਕਰਦੀ ਰੰਗੇ ਹੱਥੀ ਫੜੀ ਗਈ ਹੈ। ਇਸ ਦੌਰਾਨ ਕੇਜਰੀਵਾਲ ਨੇ ਭੀੜ ਨੂੰ ’ਗਲੀ ਗਲੀ ’ਚ ਸ਼ੋਰ ਹੈ, ਭਾਜਪਾ ਵੋਟ ਚੋਰ ਹੈ’ ਵਰਗੇ ਨਾਅਰੇ ਲਾਏ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਮੇਅਰ ਚੋਣਾਂ ਵਿੱਚ ਭਾਜਪਾ ਦੇ ਇੱਕ ਵਰਕਰ ਨੂੰ ਚੋਣ ਅਧਿਕਾਰੀ ਬਣਾਇਆ ਗਿਆ ਸੀ। ਕੇਜਰੀਵਾਲ ਨੇ ਕਿਹਾ ਕਿ ਹੁਣ ਤੱਕ ਉਨ੍ਹਾਂ ਸੁਣਿਆ ਸੀ ਕਿ ਭਾਜਪਾ ਮਸ਼ੀਨ ’ਚ ਗੜਬੜੀ ਕਰਦੀ ਹੈ ਤੇ ਵੋਟਾਂ ਚੋਰੀ ਕਰਦੀ ਹੈ ਪਰ ਅੱਜ ਤੱਕ ਇਸ ਦਾ ਕੋਈ ਸਬੂਤ ਨਹੀਂ ਮਿਲਿਆ। ਬੀਜੇਪੀ ਵਾਲਿਆਂ ਦੀ ਕਿਸਮਤ ਮਾੜੀ ਸੀ ਕਿ ਉਹ ਚੰਡੀਗੜ੍ਹ ਵਿੱਚ ਰੰਗੇ ਹੱਥੀਂ ਫੜੇ ਗਏ। ਉਨ੍ਹਾਂ ਦਾ ਵੀਡੀਓ ਬਣ ਗਿਆ ਜੋ ਕਿ ਵਾਇਰਲ ਹੋ ਰਿਹਾ ਹੈ। ਭਾਜਪਾ ਦਾ ਪਰਦਾਫਾਸ਼ ਹੋ ਗਿਆ ਹੈ। ਚੰਡੀਗੜ੍ਹ ਮੇਅਰ ਚੋਣਾਂ ’ਚ ਹੋਈ ਧਾਂਦਲੀ ਨੂੰ ਲੈ ਕੇ ਦਿੱਲੀ ’ਚ ਕੀਤੇ ਗਏ ਆਮ ਆਦਮੀ ਪਾਰਟੀ ਦੇ ਰੋਸ ਪ੍ਰਦਰਸ਼ਨ ’ਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕੇਂਦਰ ਸਰਕਾਰ ਅਤੇ ਭਾਜਪਾ ’ਤੇ ਵੱਡਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਅੱਜ ਤੁਹਾਡਾ ਲੋਕਤੰਤਰ ਅਤੇ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਲਈ ਘਰਾਂ ਤੋਂ ਬਾਹਰ ਨਿਕਲਣਾ ਇਸ ਗੱਲ ਦਾ ਸਬੂਤ ਹੈ ਕਿ ਦੇਸ਼ ਕਿਸੇ ਦੇ ਬਾਪ ਦਾ ਨਹੀਂ ਹੈ। ਸੀਐਮ ਭਗਵੰਤ ਮਾਨ ਨੇ ਦੇਖਿਆ ਕਿ 30 ਜਨਵਰੀ ਨੂੰ ਇੱਕ ਵੀਡੀਓ ਸਾਹਮਣੇ ਆਈ ਸੀ ਕਿ ਆਮ ਆਦਮੀ ਪਾਰਟੀ ਦੀਆਂ ਵੋਟਾਂ ਕਟਵਾਉਣ ਤੋਂ ਬਾਅਦ ਪ੍ਰੀਜ਼ਾਈਡਿੰਗ ਅਫ਼ਸਰ ਦੂਜੀ ਵੋਟ ਪਾ ਰਿਹਾ ਹੈ। ਇਹ ਪਹਿਲੀ ਵਾਰ ਕੈਮਰੇ ਉੱਤੇ ਆਇਆ ਹੈ ਇਹ ਕਰਦੇ ਤਾਂ ਪਹਿਲਾਂ ਵੀ ਸੀ। ਜੇ ਇਨ੍ਹਾਂ ਦਾ ਵੱਸ ਚੱਲੇ ਤਾਂ ਇਹ ਵੋਟਾਂ ਹੀ ਨਾ ਪੈਣ ਦੇਣ। ਮਾਨ ਨੇ ਕਿਹਾ ਕਿ ਇਸ ਤਰ੍ਹਾਂ ਲੋਕ ਸਭਾ ਚੋਣਾਂ ਕਰਵਾਈਆਂ ਜਾਂਦੀਆਂ ਹਨ, ਇਸੇ ਤਰ੍ਹਾਂ ਰਾਜ ਸਭਾ ਵਿਚ ਵੀ ਬਿੱਲ ਪਾਸ ਕੀਤੇ ਜਾਂਦੇ ਹਨ। ਹਾਂ ਵਾਲੇ ਹਾਂ ਕਹੋ, ਨਾਂ ਵਾਲੇ ਨਾਂ ਕਹੋ, ਚਲੋ ਹੋ ਗਿਆ।



ੴ ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ।। ੴ



ਪਰਮ ਸਤਿਕਾਰਯੋਗ.......................................... ਜੀਓ

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

# 10 ਫਰਵਰੀ 2024 ਦੇ

# ਨੁਮਾਇੰਦਾ ਇਕੱਠ

## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸਹੀਦ ਕਰ ਦਿੱਤਾ ਗਿਆ ਸੀ। ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ। ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ। ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਦੇ ਰਹੇ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ। ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, **10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ** ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ। ਸੋ ਗੁਰੂ ਹੁਕਮਾਂ ਦੀ ਰੋਸਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾਫ਼ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

**ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ**

ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013




# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਤੇ ਮਾਂਘ ਮਹੀਨੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ 15 ਫਰਵਰੀ ਨੂੰ—ਸੰਤ ਬਾਬਾ ਸੁੱਚਾ ਸਿੰਘ

**ਫ਼ਿਰੋਜ਼ਪੁਰ, 2 ਫਰਵਰੀ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਂਘ ਮਹੀਨੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਅਤੇ ਸ੍ਰੀ ਆਖੰਡ ਪਾਠ ਦੀ ਇਕੋਤਰੀ ਦੇ ਭੋਗ 3 ਫੱਗਣ 15 ਫਰਵਰੀ 2024 ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਉਪਰੰਤ ਕੀਰਤਨ ਦਰਬਾਰ 10 ਵਜੇ ਤੋਂ 4 ਵਜੇ ਤੱਕ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਂਘ ਮਹੀਨੇ ਨੂੰ ਸਮਰਪਿਤ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ 3 ਫੱਗਣ 15 ਫਰਵਰੀ ਦਿਨ ਵੀਰਵਾਰ ਨੂੰ ਹੋਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ 1 ਫੱਗਣ 13 ਫਰਵਰੀ 2024 ਦਿਨ ਮੰਗਲਵਾਰ ਨੂੰ ਮਹਾਨ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਤੋਂ ਸਵੇਰੇ 8 ਵਜੇ ਪ੍ਰਾਰੰਭ ਹੋਵੇਗਾ। ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਤੇ ਦਾਸਾਂ ਦੀ ਦੇਖ—ਰੇਖ ਹੇਠ ਚਲੇਗਾ। ਇਹ ਵਿਸ਼ਾਲ ਨਗਰ ਕੀਰਤਨ ਸਵੇਰੇ 8 ਵਜੇ ਆਰੰਭ ਹੋ ਕੇ ਪਿੰਡ ਮੁਰਕਵਾਲਾ, ਟਿੱਬੀ ਕਲਾਂ, ਕੜਮਾ, ਨਵਾਂ ਕਿਲਾ, ਕਿਲੀ (ਲੰਗਰ ਦੀ ਸੇਵਾ), ਸੋਢੀ ਵਾਲਾ, ਡੋਡ, ਪੀਰ ਕੇ, ਭੂਰੇ ਖੁਰਦ, ਫੁਲਰੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬੀ, ਟਿੱਬੀ ਖੁਰਦ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਰੋਡੇਵਾਲਾ, ਵਾਹਕੇ, ਮੱਲਾਂ ਕਰੀ, ਲੱਖਾ ਹਾਜੀ, ਨਿਆਜੀਆਂ, ਕਾਕੜ ਪਿੰਡਾਂ ਵਿਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਪਹੁੰਚੇਗਾ ਅਤੇ ਸ਼ਾਮ ਦਾ ਲੰਗਰ ਨਾਨਕਸਰ ਢਾਣੀਆਂ ਦੀ ਸੰਗਤ ਵੱਲੋਂ ਹੋਵੇਗਾ। ਇਸ ਵਿਸ਼ਾਲ ਨਗਰ ਕੀਰਤਨ ਦੇ ਸਵਾਗਤ ਲਈ ਹਰ ਪਿੰਡ ਵਿਚ ਸਵਾਗਤੀ ਗੇਟ ਅਤੇ ਚਾਹ ਦਾ ਲੰਗਰ, ਪਕੌੜਿਆਂ ਦਾ ਲੰਗਰ, ਫਰੂਟ ਦਾ ਲੰਗਰ, ਹਲਵੇ ਦਾ ਲੰਗਰ, ਖੀਰ ਕਾ ਲੰਗਰ, ਮਿਠਾਈਆਂ ਦੇ ਲੰਗਰ ਪਿੰਡਾਂ ਦੀਆਂ ਸੰਗਤਾਂ ਵੱਲੋਂ ਅਤੁੱਟ ਵਰਤਾਏ ਜਾਣਗੇ ਅਤੇ ਬੈਂਡ ਵਾਜੇ ਅਤੇ ਗਤਕਾ ਪਾਰਟੀ ਵੱਲੋਂ ਆਪਣੇ ਕਲਾਂ ਦੇ ਜ਼ੌਹਰ ਵਿਖਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ 15 ਫਰਵਰੀ 2024 (3 ਫੱਗਣ ਦਿਨ ਵੀਰਵਾਰ) ਨੂੰ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਕਰਵਾਏ ਜਾ ਰਹੇ ਹਨ। ਇਹ ਸਲਾਨਾ ਮਹਾਨ ਗੁਰਮਤਿ ਸਮਾਗਮ ਵਿਚ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਜੀ ਵਿਸ਼ੇਸ਼ ਤੌਰ ਤੇ ਦਰਸ਼ਨ ਦੇਣਗੇ ਅਤੇ ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਭੁਚੋ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਦਰਸ਼ਨ ਦੇਣਗੇ। ਇਸ ਮੌਕੇ ਤੇ 12 ਵਜੇ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ ਅਤੇ ਫਰੀ ਮੈਡੀਕਲ ਕੈਂਪ ਲਾਇਆ ਜਾਵੇਗਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਦੱਸਿਆ ਕਿ ਇਸ ਮੌਕੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾ ਵਾਚਕ, ਰਾਗੀ, ਢਾਡੀ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਸੰਤ ਮਹਾਂਪੁਰਸ਼ ਜਿਨਾਂ ਵਿਚ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵਾਲੇ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਜੀ ਨਾਨਕਸਰ ਵਾਲੇ, ਸੰਤ ਬਾਬਾ ਸੇਵਾ ਸਿੰਘ ਜੀ ਨਾਨਕਸਰ ਵਾਲੇ, ਸੰਤ ਬਾਬਾ ਤਰਲੋਚਨ ਸਿੰਘ ਜੀ ਸੀਘੜੇ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਜ਼ੀਰੇ ਵਾਲੇ, ਸੰਤ ਬਾਬਾ ਗਗਨਦੀਪ ਸਿੰਘ ਜੀ ਸੀਘੜੇ ਵਾਲੇ, ਬਾਬਾ ਤਜਿੰਦਰ ਸਿੰਘ ਜੀ ਜਿੰਦੂ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਹਰੀਕੇ ਪਤਨ ਵਾਲੇ, ਸੰਤ ਬਾਬਾ ਲਖਬੀਰ ਸਿੰਘ ਜੀ ਨਾਨਕਸਰ ਵੜੈਚ, ਬਾਬਾ ਨਾਨਕ ਸਿੰਘ ਜੀ ਮੰਦਰ ਮੁਹਾਰ ਵਾਲੇ, ਬਾਬਾ ਧਰਮਵੀਰ ਸਿੰਘ ਜੀ ਘਰਾਂਗਣੇ ਵਾਲੇ, ਮਾਤਾ ਵਿਪਨਪ੍ਰੀਤ ਕੌਰ ਜੀ ਕੀਰਤਨ ਜਥਾ ਲੁਧਿਆਣੇ ਵਾਲੇ, ਗਿਆਨੀ ਗਗਨਦੀਪ ਸਿੰਘ ਜੀ ਪਟਨਾ ਸਾਹਿਬ ਵਾਲੇ, ਭਗਤ ਬਾਬਾ ਮਿਲਖਾ ਸਿੰਘ ਜੀ ਅਰਮਾਨਪੁਰਾ ਵਾਲੇ, ਭਾਈ ਸਾਹਿਬ ਭਾਈ ਸੁਖਦੇਵ ਸਿੰਘ ਜੀ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਹਰਪ੍ਰੀਤ ਸਿੰਘ ਜੀ ਮਨੀ ਹਜ਼ੂਰੀ ਰਾਗੀ ਭੁਚੋ ਸਾਹਿਬ, ਬਾਬਾ ਦਰਸ਼ਨ ਸਿੰਘ ਜੀ ਬੋਰੀਵਾਲੇ, ਸੰਤ ਬਲਜੀਤ ਸਿੰਘ ਜੀ ਨਾਨਕਸਰ ਸ਼ੇਰ ਮੁਹੰਮਦ, ਬਾਬਾ ਸ਼ੇਰ ਸਿੰਘ ਜੀ ਨਾਨਕਸਰ ਮਸੀਤਾ, ਬਾਬਾ ਸਤਨਾਮ ਸਿੰਘ ਜੀ ਸਤਿਕਾਰ ਕਮੇਟੀ, ਭਾਈ ਸਰਬਜੀਤ ਸਿੰਘ ਜੀ ਗੁਰਦੁਆਰਾ ਜਾਮਨੀ ਸਾਹਿਬ, ਗਿਆਨੀ ਭਾਈ ਬੋਹੜ ਸਿੰਘ ਜੀ ਢਾਡੀ ਜਥਾ ਬਾਰੇਕੇ, ਹਜ਼ੂਰੀ ਰਾਗੀ ਭਾਈ ਹਰਨਾਮ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ ਨਾਨਕਸਰ ਠਾਠ ਛਾਂਗਾ ਖੁਰਦ ਹਜ਼ੂਰੀ ਰਾਗੀ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਮੂਹ ਪੰਜਾਬ ਭਰ ਦੀ ਅਤੇ ਇਲਾਕੇ ਭਰ ਦੀ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਵਿਸ਼ਾਲ ਨਗਰ ਕੀਰਤਨ 13 ਫਰਵਰੀ ਅਤੇ ਸਲਾਨਾ ਗੁਰਮਤਿ ਸੰਤ ਸਮਾਗਮ ਵਿਚ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ ਅਤੇ ਭਾਰੀ ਗਿਣਤੀ ਵਿਚ ਅੰਮ੍ਰਿਤ ਛਕ ਕੇ ਗੁਰੂ ਦੇ ਜਹਾਜੇ ਚੜ੍ਹ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV







# ਮੈਂ ਤੰਦਰੁਸਤ ਕਿਵੇਂ ਹੋਇਆ ?

**(ਕਿਸ਼ਤ - 13)**



ਸ਼ਿੰਗਾਰਾ ਸਿੰਘ ਢਿੱਲੋਂ

ਦੰਦ ਸਾਡੇ ਸਰੀਰ ਦਾ ਇਕ ਬਹੁਤ ਹੀ ਅਹਿਮ ਅੰਗ ਹਨ । ਚਿੱਟੇ ਮੋਤੀਆਂ ਵਰਗੇ ਦੰਦ ਹਰ ਵਿਅਕਤੀ ਦੀ ਸ਼ਖਸ਼ੀਅਤ ਨੂੰ ਚਾਰ ਚੰਨ ਲਗਾ ਦਿੰਦੇ ਹਨ , ਦੂਜੇ ਪਾਸੇ ਮੂੰਹ ਵਿਚ ਦੰਦਾਂ ਦੀ ਗੈਰਹਾਜਰੀ ਜਾਂ ਉਹਨਾਂ ਲਗਾ ਨੂੰ ਹੋਇਆ ਕੀੜਾ ਭੁਣਖੀ ਕਿਸੇ ਚੰਗੇ ਭਲੇ ਬੰਦੇ ਦਾ ਵੀ ਹੁਲੀਆ ਵਿਗਾੜ ਕੇ ਰੱਖ ਦਿੰਦੀ ਹੈ ।

ਮੈਨੂੰ ਸਮੇਂ ਸਮੇਂ ਦੰਦਾ ਇਨਫੈਕਸ਼ਨ ਹੁੰਦਾ ਰਿਹਾ ਹੈ । ਪੱਥਰ ਵਰਗੇ ਪੱਕੇ ਦੰਦਾਂ ਵਿਚ ਬਹੁਤ ਤੇਜ ਸਰਜ ਹੁੰਦੀ ਰਹੀ, ਦੰਦਾਂ ਵਿਚ ਬਿਜਲੀਂ ਦੀ ਲਹਿਰ ਚਲਦੀ ਜੋ ਇਨੀ ਕੁ ਦਰਦਨਾਕ ਹੁੰਦੀ ਕਿ ਇਕ ਵਾਰ ਤਾਂ ਚੀਕਾਂ ਨਿਕਲ ਜਾਂਦੀਆਂ , ਦੰਦਾ ਦੀ ਦਰਦ ਨਾਲ ਰਾਤਾਂ ਦੀ ਨੀਂਦ ਹਰਾਮ ਹੋ ਜਾਂਦੀ, ਵਾਰ ਵਾਰ ਦੰਦਾਂ ਦੇ ਡਾਕਟਰ ਕੋਲ ਜਾਣਾ ਪੈਂਦਾ ਤੇ ਉਸ ਨੇ ਐਂਟੀਬਾਇਟਕ ਦਾ ਕੋਰਸ ਪਰੈਸਕਰਾਈਬ ਕਰਨ ਦੇ ਨਾਲ ਹੀ ਐਡਵਾਈਜਰੀ ਦੇ ਦੇਣੀ ਕਿ ਦੰਦਾਂ ਨੂੰ ਸਵੇਰੇ ਸ਼ਾਮ ਚੰਗੀ ਤਰਾਂ ਸਾਫ ਕਰਿਆ ਕਰੋ । ਐਂਟੀ ਬਾਇਟਕ ਦਾ ਕੋਰਸ ਪੂਰਾ ਹੋਣ ਦੇ ਨਾਲ ਦੰਦ ਠੀਕ ਤਾਂ ਜਰੂਰ ਹੋ ਜਾਂਦੇ, ਪਰ ਵਰ੍ਹੇ ਛਿਮਾਹੀ ਇਸ ਬਿਮਾਰੀ ਨਾਲ ਮੇਰਾ ਕਈ ਸਾਲਾਂ ਤੋ ਪੱਕਾ ਵਾਹ ਵਾਸਤਾ ਪੈਂਦਾ ਰਿਹਾ । ਕਹਿਣ ਦਾ ਭਾਵ ਇਹ ਕਿ ਬਿਮਾਰੀ ਦੀ ਜੜ੍ਹ ਨਾ ਫੜੀ ਜਾ ਸਕਣ ਕਰਕੇ, ਇਹ ਵਾਰ ਵਾਰ ਮੇਰੱ ਦੰਦਾ ਉੱਤੇ ਹਮਲਾ ਕਰਦੀ ਰਹਿੰਦੀ ਸੀ।

ਪਹਿਲੀ ਵਾਰ ਮੈਂ ਦੰਦਾ ਦੇ ਡਾਕਟਰ ਕੋਲ 2008 ਵਿਚ ਗਿਆ। ਉਸ ਵਕਤ ਹੇਠਲੇ ਜਬ੍ਹਾੜੇ ਦੀ ਸੱਜੇ ਪਾਸੇ ਵਾਲੀ ਇਕ ਦਾੜ੍ਹ ਨੇ ਮੇਰਾ ਜੀਣਾ ਹਰਾਮ ਕੀਤਾ ਹੋਇਆ ਸੀ । ਡਾਕਟਰ ਨੇ ਐਕਸਰੇ ਕੀਤਾ ਤੇ ਮੈਨੂੰ ਉਸ ਦਾਹੜ ਦੀ ਹਾਲਤ ਦੱਸਦਿਆਂ ਕਿਹਾ ਕਿ ਤੁਹਾਡੀ ਦਾਹੜ ਵਿਚਕਾਰੋਂ ਪਾਟ ਗਈ ਹੈ, ਇਸ ਨੂੰ ਪੁੱਟ ਦੇਣਾ ਹੀ ਇਕੋ ਇਕ ਹੱਲ ਹੈ, ਪਰ ਮੈਂ ਡਾਕਟਰ ਨੂੰ ਮਨ੍ਹਾ ਕਰਦਿਆਂ ਕਿਹਾ ਕਿ ਮੈਂ ਅਜੇ ਆਪਣੇ ਕਿਸੇ ਵੀ ਦੰਦ ਨੂੰ ਪਟਾਉਣਾ ਨਹੀਂ ਚਾਹੁੰਦਾ, ਤੁਸੀਂ ਇਸ ਦੀ ਫਿਲਿੰਗ ਕਰ ਦਿਓ । ਬੇਸ਼ੱਕ ਡਾਕਟਰ ਮੇਰੀ ਗੱਲ ਮੰਨਣ ਨੂੰ ਤਿਆਰ ਨਹੀਂ ਸੀ, ਪਰ ਫੇਰ ਵੀ ਉਸ ਨੇ ਵਧੀਆ ਚਿੱਟੇ ਰੰਗ ਦੇ ਕੰਪਾਊਂਡ ਨਾਲ ਮੇਰੀ ਦਾਹੜ ਇਹ ਕਹਿੰਦਿਆ ਭਰ ਦਿੱਤੀ ਕਿ ਮੈਨੂੰ ਨਹੀਂ ਲਗਦਾ ਕਿ ਮੇਰੀ ਇਹ ਫਿਲਿੰਗ ਤੁਹਾਡੇ ਕਰੈਕ ਹੋਏ ਦੰਦ ਵਿਚ ਬਹੁਤਾ ਸਮਾ ਟਿਕ ਪਾਏਗੀ । ਦੱਸਣਾ ਚਾਹਾਂਗਾ ਕਿ ਅੱਜ 16 ਸਾਲ ਬਾਅਦ ਵੀ ਉਹ ਦਾਹੜ ਮੇਰੇ ਮੂੰਹ ਵਿਚ ਸਹੀ ਸਲਾਮਤ ਹੈ ਤੇ ਭੋਜਨ ਦੀ ਕੱਟ ਵੱਢ ਵੀ ਤਿੱਖੇ ਗੰਡਾਸੇ ਵਾਂਗ ਕਰਦੀ ਹੈ । ਇਸੇ ਦੌਰਾਨ 2017 ਵਿਚ ਘਰ ਬਦਲੀ ਕਰਨ ਕਰਕੇ ਮੈਨੂੰ ਦੰਦਾ ਦਾ ਡਾਕਟਰ ਵੀ ਬਦਲੀ ਕਰਨਾ ਪੈ ਗਿਆ । ਨਵੇਂ ਡਾਕਟਰ ਨੇ ਦੁਬਾਰਾ ਜਬ੍ਹਾੜਿਆਂ ਦੇ ਐਕਸਰੇ ਕੀਤੇ ਤੇ ਐਕਸਰੇ ਦੇਖਕੇ ਉਸ ਨੇ ਦੋ ਦਾਹੜਾਂ ਜਿਹਨਾਂ ਵਿਚ ਇਕ ਪਹਿਲੇ ਡਾਕਟਰ ਤੋਂ ਫਿਲ ਕਰਵਾਈ ਤੇ ਦੂਸਰੀ ਖੱਬੇ ਪਾਸੇ ਵਾਲੇ ਉਪਰਲੇ ਜਬ੍ਹਾੜੇ ਦੇ ਬਿਲਕੁਲ ਪਿਛੇ ਵਾਲੀ ਦਾਹੜ ਜਿਸ ਨੂੰ ਅਕਲ ਦਾਹੜ ਵੀ ਕਿਹਾ ਜਾਂਦਾ ਹੈ, ਨੂੰ ਪੱਟਣ ਦੀ ਸਲਾਹ ਦੇ ਦਿੱਤੀ । ਅਕਲ ਦਾਹੜ ਵਿਚ ਮਿੱਠਾ ਮਿੱਠਾ ਦਰਦ ਰਹਿੰਦਾ ਸੀ ਜਦ ਕਿ ਦੂਸਰੀ ਦੀ ਕਰੈਕ ਰੀਫਿਲੰਗ ਤੋਂ ਡਾਕਟਰ ਮਨ੍ਹਾ ਕਰ ਰਿਹਾ ਸੀ । ਇਸ ਵਾਰ ਮੇਰੇ ਮਨ੍ਹਾ ਕਰਨ 'ਤੇ ਨਵੇ ਡਾਕਟਰ ਨੇ ਮੈਨੂੰ ਕਿਸੇ ਵੱਡੇ ਕੰਸਟੈਲਟੇਂਟ ਕੋਲ ਰੈਫਰ ਕਰਨ ਦੀ ਸਲਾਹ ਦਿੱਤੀ ਤੇ ਮੈਂ ਹਾਂ ਵਿਚ ਸਿਰ ਹਿਲਾ ਦਿੱਤਾ । ਡੇਢ ਕੁ ਮਹੀਨੇ ਬਾਅਦ ਰੈਫਰਲ ਵਾਲੇ ਕੰਸਟਲਟੈਂਟ ਦਾ ਸੱਦਾ ਪੱਤਰ ਆਇਆ ਤੇ ਸੱਦੇ ਪੱਤਰ ਮੁਤਾਬਿਕ ਦਿੱਤੇ ਟਾਇਮ ਅਤੇ ਦਿਨ ਨੂੰ ਮੈਂ ਉਸ ਕੰਸਟਲਟੈਂਟ ਦੀ ਕਲੀਨਿਕ ਜਾ ਹਾਜਰ ਹੋਇਆ ।


ਉੱਥੇ ਜੋ ਮੇਰੇ ਨਾਲ ਹੋਇਆ, ਉਹ ਵਾਕਿਆ ਸੁਣਕੇ ਤੁਸੀਂ ਹੈਰਾਨ ਹੋ ਜਾਵੋਗੇ ਕਿ ਉਸ ਕੰਸਟਲਟੈਂਟ ਨੇ ਮੈਨੂੰ ਕੁੱਝ ਵੀ ਦੱਸਿਆ ਪੁੱਛਿਆ ਨਹੀਂ, ਸਿੱਧਾ ਦੰਦਾਂ ਦੇ ਇਲਾਜ ਵਾਲੀ ਕੁਰਸੀ ਉੱਤੇ ਲੰਮਾ ਪਾ ਲਿਆ ਤੇ ਮੇਰੇ ਗਲ ਅਤੇ ਮੂੰਹ ਦੁਆਲੇ ਦੋ ਨਰਸਾਂ ਨੇ ਇਸ ਤਰਾ ਦੀ ਤਿਆਰੀ ਖਿੱਚਣੀ ਸ਼ੁਰੂ ਕੀਤੀ ਕਿ ਜਿਵੇਂ ਮੇਰਾ ਕੋਈ ਵੱਡਾ ਅਪਰੇਸ਼ਨ ਕਰਨਾ ਹੋਵੇ ।

ਲਓ ਜੀ, ਕੰਸਟਲਟੈਂਟ ਨੇ ਸਰਿੰਜ ਵਿਚ ਟੀਕਾ ਭਰਿਆ, ਸਰਿੰਜ ਵਿਚੋਂ ਹਵਾ ਕੱਢਣ ਲਈ ਦੋ ਕੁ ਪਿਚਕਾਰੀਆਂ ਜਿਹੀਆਂ ਮਾਰੀਆਂ ਤੇ ਮੇਰੇ ਮੂੰਹ ਦੇ ਅੰਦਰ ਖੱਬੇ ਪਾਸੇ ਵਾਲੇ ਹੇਠਲੇ ਜਬ੍ਹਾੜੇ ਦੀ ਅਕਲ ਦਾਹੜ ਦੇ ਨੇੜੇ ਠੋਕ ਦਿੱਤਾ, ਫਿਰ ਇਕ ਹੋਰ ਭਰਿਆ ਤੇ ਉਹ ਵੀ ਪਹਿਲੇ ਵਾਲੇ ਟੀਕੇ ਦੇ ਨੇੜੇ ਜਿਹੇ ਹੀ ਠੋਕ ਦਿੱਤਾ । ਮੇਰੇ ਮਨ ਚ ਇਹ ਚੱਲ ਰਿਹਾ ਸੀ ਕਿ ਮੈਂ ਉਸ ਕਲੀਨਕ ਵਿਚ ਪਹਿਲੀਵਾਰ ਗਿਆਂ ਸੀ, ਸ਼ਾਇਦ ਟੀਕੇ ਲਗਾ ਕੇ ਕੋਈ ਖਾਸ ਐਕਸਰੇ ਕਰਨ ਤੋਂ ਬਾਅਦ ਡਾਕਟਰ ਮੈਨੂੰ ਸਲਾਹ ਮਸ਼ਵਰਾ ਵਗੈਰਾ ਦੇਵੇਗਾ ,ਪਰ ਜਦ ਮੈਂ ਚੋਰ ਅੱਖ ਨਾਲ ਦੇਖਿਆ ਤਾਂ ਦੋ ਨਰਸਾਂ ਦੰਦ ਪੁੱਟਣ ਵਾਲੇ ਔਜਾਰ ਮੇਰੇ ਨੇੜੇ ਰੱਖ ਰਹੀਆਂ ਸਨ ਤੇ ਕੰਸਟਲਟੈਂਟ ਸਾਹਿਬ ਇਕ ਹੋਰ ਟੀਕਾ ਲਾਉਣ ਵਾਸਤੇ ਸ਼ੀਸ਼ੀ ਵਿਚ ਭਰ ਰਹੇ ਸਨ । ਇਹ ਉਕਤ ਸੀਨ ਦੇਖ ਕੇ ਮੈਨੂੰ ਕੁੱਝ ਸ਼ੱਕ ਜਿਹੀ ਹੋਈ ਤੇ ਮੈ ਉਹਨਾਂ ਦੁਆਰਾ ਕੀਤੀ ਹੋਈ ਮੇਰੀ ਪੈਕਿੰਗ ਖੋਹਲਕੇ, ਕਲੀਨਕ ਦੇ ਇਲਾਜ ਵਾਲੀ ਕੁਰਸੀ 'ਤੇ ਉਠਕੇ ਬੈਠ ਗਿਆ ਤੇ ਕੰਸਟਲਟੈਂਟ ਨੂੰ ਪੁੱਛਣ ਲੱਗਾ ਕਿ ਅਸਲ ਵਿਚ ਤੂੰ ਅੱਜ ਮੇਰੇ ਨਾਲ ਕਰਨਾ ਕੀ ਚਾਹੁੰਦੈ ? ਉਸ ਨੇ ਅੱਗੋਂ ਜਵਾਬ ਦਿੱਤਾ ਕਿ ਅੱਜ ਤੇਰੀਆ ਦੋ ਦਾਹੜਾ ਪੱਟਣੀਆਂ ਹਨ । ਮੈਂ ਫਿਰ ਸਵਾਲ ਕੀਤਾ ਕਿ ਉਸ ਨੂੰ ਮੇਰੀਆਂ ਦਾਹੜਾਂ ਪੁੱਟਣ ਵਾਸਤੇ ਕਿਹਾ ਕਿਸਨੇ ਹੈ ? ਇਸ ਦੇ ਜਵਾਬ ਵਜੋਂ, ਉਸ ਕੰਸਟਲਟੈਂਟ ਨੇ ਆਪਣੇ ਟੇਬਲ ਦੀ ਡਰਾਅ ਖੋਹਲੀ ਤੇ ਮੈਨੂੰ ਇਕ ਐਕਸਰਾ ਦਿਖਾਉਦਿਆ ਕਹਿੰਦਾ ਕਿ ਤੇਰੇ ਡੈਂਟੇਸਟ ਨੂੰ ਤੈਨੂੰ ਇਸੇ ਕਰਕੇ ਹੀ ਇਥੇ ਮੇਰੇ ਕੋਲ ਰੈਫਰ ਕੀਤਾ ਹੈ ਤੇ ਨਾਲ ਇਹ ਐਕਸਰਾ ਵੀ ਭੇਜਿਆ ਹੈ । ਜਦ ਮੈਂ ਉਸ ਨੂੰ ਦੱਸਿਆ ਕਿ ਮੈਂ ਤਾਂ ਡੈਂਟੈਸਟ ਨੂੰ ਮਨ੍ਹਾ ਕਰ ਦਿੱਤਾ ਸੀ, ਫਿਰ ਇਹ ਦਾਹੜਾਂ ਕੱਢਣ ਵਾਲੀ ਰੈਫਰੈਲ ਤੈਨੂੰ ਉਸ ਨੇ ਕਿਵੇਂ ਭੇਜ ਦਿੱਤੀ ਤਾਂ ਉਸ ਨੇ ਕਿਹਾ ਕਿ ਇਸ ਬਾਰੇ ਮੈਂ ਕੁੱਝ ਨਹੀਂ ਜਾਣਦਾ, ਤੂੰ ਆਪਣੇ ਡੈਂਟੈਸਟ ਨੂੰ ਹੀ ਜਾ ਕੇ ਪੁੱਛ । ਉਸ ਨੇ ਨਾਲ ਆਪਣੇ ਦੋਵੇਂ ਹੱਥ ਉੱਪਰ ਕਰਦਿਆ ਕਿਹਾ ਕਿ ਜੇਕਰ ਤੁਸੀਂ ਦਾਹੜਾਂ ਨਹੀਂ ਪੁਟਾਉਣੀਆਂ ਤਾਂ ਕੋਈ ਗੱਲ ਨਹੀਂ ਤੁਸੀਂ ਜਾ ਸਕਦੇ ਹੋ । ਉਥੋਂ ਤੁਰਨ ਲੱਗਿਆਂ ਮੈ ਉਸ ਕੰਸਟਲਟੈਂਟ ਨੂੰ ਆਪਣੀ ਫਿਕਰਮੰਦੀ ਵਿਚ ਪੁੱਛਿਆ ਕਿ ਇਹ ਜੋ ਦੋ ਟੀਕੇ ਲਗਾਏ ਹਨ ਇਹਨਾਂ ਨਾਲ ਮੇਰੇ ਮੂੰਹ ਦਾ ਖੱਬਾ ਪਾਸਾ ਪੂਰੀ ਤਰਾਂ ਨਮ ਹੋ ਗਿਆ ਹੈ , ਮੈਨੂੰ ਬੋਲਣ ਵਿਚ ਕਾਫੀ ਮੁਸ਼ਕਲ ਪੇਸ਼ ਆ ਰਹੀ ਹੈ, ਇਹ ਕਦ ਕੁ ਠੀਕ ਹੋ ਜਾਵੇਗਾ ਤਾਂ ਉਸ ਨੇ ਕਿਹਾ ਕਿ ਕੋਈ ਫਿਕਰ ਨਹੀਂ ਕਰਨਾ, ਦੋ ਕੁ ਘੰਟੇ ਵਿਚ ਸਭ ਕੁੱਝ ਠੀਕ ਹੋ ਜਾਵੇਗਾ, ਬਸ ਧਿਆਨ ਰੱਖਣਾ ਕਿ ਆਪਣੇ ਦੰਦਾਂ ਨੂੰ ਕੋਈ ਛੇੜਛਾੜ ਨਹੀਂ ਕਰਨਾ, ਠੰਢਾ ਪਾਣੀ ਜਰੂਰ ਸਿਪ ਕਰਦੇ ਰਹਿਣਾ ।

ਉਕਤ ਘਟਨਾ ਕੋਈ ਚਾਰ ਕੁ ਸਾਲ ਪੁਰਾਣੀ ਹੈ । ਉਹ ਦੋਹਵੇਂ ਦਾਹੜਾਂ ਅੱਜ ਵੀ ਬਿਲਕੁਲ ਠੀਕ ਠਾਕ ਹਨ ਜਦ ਕਿ ਇਕ ਹੋਰ ਦਾਹੜ ਜੋ ਬਹੁਤਾ ਹੀ ਤੰਗ ਪਰੇਸ਼ਾਨ ਕਰਨ ਲੱਗ ਪਈ ਸੀ ਉਸ ਨੂੰ ਮੈ ਪਿਛਲੇ ਅਕਤੂਬਰ ਵਿਚ ਆਪਣੀ ਪੰਜਾਬ ਫੇਰੀ ਦੌਰਾਨ ਕਢਵਾ ਆਇਆ ਹਾਂ ,ਕੁਲ ਮਿਲਾਕੇ 31 ਦੰਦ ਅਜ ਵੀ ਅਖਰੋਟ ਭੰਨਣ ਤੇ ਛੋਲੇ ਚੱਬਣ ਵਿਚ ਪਰਵਾਹ ਨਹੀਂ ਕਰਦੇ । ਹੁਣ ਤੁਹਾਡੇ ਮਨ ਚ ਸਵਾਲ ਹੋਵੇਗਾ ਕਿ ਵਾਰ ਵਾਰ ਇੰਫੈਕਸ਼ਨ ਹੋਣ ਨਾਲ ਦੰਦਾਂ ਨੂੰ ਬਚਾਈ ਰੱਖਣਾ ਬਹੁਤ ਮੁਸ਼ਕਲ ਹੈ, ਪਰ ਤੁਸੀਂ ਇਹ ਕਿਵੇਂ ਸੰਭਵ ਕੀਤਾ । ਇਸ ਦੇ ਜਵਾਬ ਵਿਚ ਮੈਂ ਇਹ ਹੀ ਕਹਾਂਗਾ ਕਿ ਮੈ ਦੰਦਾਂ ਨੂੰ ਵਾਰ ਵਾਰ ਇੰਨਫੈਕਸ਼ਨ ਹੋਣ ਦੀ ਮੁੱਖ ਵਜ੍ਹਾ ਪਹਿਚਾਣ ਲਈ ਤੇ ਆਪਣੇ ਖਾਣੇ ਵਿਚੋ ਉਹਨਾਂ ਵਸਤਾਂ ਨੂੰ ਹਮੇਸ਼ਾ ਲਈ ਬਾਹਰ ਕਰ ਦਿੱਤਾ ਤੇ ਉਹ ਮੁੱਖ ਵਜ੍ਹਾ ਸੀ ਮਿੱਠਾ/ਖੰਡ/ ਮਿਠਿਆਈਆਂ ਤੇ ਕੋਕਾ ਕੋਲਾ ਆਦਿ । ਹੁਣ ਦੰਦ ਵੀ ਠੀਕ ਠੀਕ ਹਨ ਤੇ ਸਿਹਤ ਵੀ । ਇਥੇ ਸਾਨੂੰ ਦੋ ਨਸੀਹਤਾਂ ਮਿਲਦੀਆਂ ਹਨ, ਪਹਿਲੀ ਇਹ ਕਿ ਸਿਹਤ ਮਾਹਿਰਾਂ ਉੱਤੇ ਅੰਨ੍ਹਾ ਭਰੋਸਾ ਨਾ ਕਰੋ, ਉਹ ਵੀ ਗਲਤੀ ਕਰ ਸਕਦੇ ਹਨ, ਦੂਜਾ ਆਪਣੀਆ ਖਾਣ ਪੀਣ ਦੀਆਂ ਆਦਤਾਂ ਉਤੇ ਝਾਤੀ ਮਾਰੇ ਕਿ ਕਿਧਰੇ ਕੋਈ ਇਸ ਤਰਾਂ ਦੀ ਚੀਜ ਦਾ ਸੇਵਨ ਤਾਂ ਕਰਦੇ ਜੋ ਸਾਡੀ ਸਿਹਤ ਵਾਸਤੇ ਹਾਨੀਕਾਰਕ ਹੋਵੇ । ਮੁਕਦੀ ਗੱਲ ਇਹ ਕਿ ਆਪਣੀ ਸਿਹਤ ਪ੍ਰਤੀ ਜਰਾ ਜਿੰਨਾ ਜਾਗਰੂਕ ਹੋਣ ਦੀ ਲੋੜ ਸਾਡੇ ਸਭਨਾਂ ਵਾਸਤੇ ਬਹੁਤ ਜਰੂਰੀ ਹੈ, ਜਰਾ ਅਜਮਾ ਕੇ ਦੇਖੋ, ਇਸ ਦੇ ਸਿੱਟੇ ਬੜੇ ਹੈਰਾਨਕੁੰਨ ਮਿਲਦੇ ਹਨ । ••

ਆਵਾਜ਼ਿ ਕੌਮ AWAZE QAUM
International Newspaper & WEB TV

ਧਰਤੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


ਸੰਤ ਜਰਨੈਲ ਸਿੰਘ
ਖ਼ਾਲਸਾ
ਭਿੰਡਰਾਂਵਾਲਿਆਂ ਦੇ
ਅਤਿ ਨਜ਼ਦੀਕੀ,
ਸਿੱਖ ਸਟੂਡੈਂਟਸ
ਫ਼ੈਡਰੇਸ਼ਨ ਦੇ
ਰੂਹੇ ਰਵਾਂ,
ਆਵਾਜ਼ਿ ਕੌਮ AWAZE QAUM International Newspaper & WEB TV
ਰੌਸ਼ਨ ਦਿਮਾਗ ਸ਼ਖਸੀਅਤ
ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ
ਦੀ ਯਾਦ ਨੂੰ ਸਮਰਪਿਤ
ਮਹਾਨ ਪੰਥਕ ਸਮਾਗਮ
ਸ਼ਨੀਵਾਰ, 3 ਫ਼ਰਵਰੀ 2024
ਪਿੰਡ ਮਟੀਆ, ਤਹਿਸੀਲ ਅਜਨਾਲਾ
ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਵੇਗਾ
ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ
ਬੇਨਤੀ ਕਰਤਾ : ਸ: ਪ੍ਰਿਤਪਾਲ ਸਿੰਘ, ਸ: ਬਲਜੀਤ ਸਿੰਘ ਖਾਲਸਾ, ਡਾ. ਭਗਵਾਨ ਸਿੰਘ, ਸ: ਜਸਵੰਤ ਸਿੰਘ ਰੋੜੇ,
ਸ: ਰਣਜੀਤ ਸਿੰਘ ਰਾਣਾ, ਸ: ਪ੍ਰੀਤਮ ਸਿੰਘ ਜੋਗਾਨੰਗਲ, ਸ: ਤਜਿੰਦਰਪਾਲ ਸਿੰਘ ਟਿੰਮਾ, ਸ: ਵਿਜੈਪਾਲ ਸਿੰਘ,
ਬਾਬਾ ਭਗਵਾਨ ਸਿੰਘ ਕਾਰ ਸੇਵਾ, ਸ: ਬਲਬੀਰ ਸਿੰਘ ਯੂ.ਐਸ.ਏ. ਸ: ਕੁਲਜੀਤ ਸਿੰਘ ਢਿੱਲੋਂ,
ਸ: ਸਰਬਜੀਤ ਸਿੰਘ ਦਿੱਲੀ, ਸ: ਹਰਮਿੰਦਰਪਾਲ ਸਿੰਘ, ਸ: ਮਹੇਸ਼ਇੰਦਰ ਸਿੰਘ ਗੁਲਾਬਗੜ੍ਹ, ਸ: ਜਰਨੈਲ ਸਿੰਘ,
ਸ: ਅਮਨਦੀਪ ਸਿੰਘ ਐਲੇ, ਸ: ਪ੍ਰਭਪ੍ਰੀਤ ਸਿੰਘ, ਸ: ਪਰਮਿੰਦਰ ਸਿੰਘ ਪਾਂਗਲੀ, ਸ: ਭਗਤ ਸਿੰਘ,
ਸ: ਜਗਰੂਪ ਸਿੰਘ ਸੰਧੂ, ਸ: ਮਨਜੀਤ ਸਿੰਘ, ਸ: ਮਨਜਿੰਦਰਪਾਲ ਸਿੰਘ ਰੋੜੇ,
ਸ: ਅਮਰਜੀਤ ਸਿੰਘ ਖਾਲਿਸਤਾਨੀ, ਸ: ਕੁਲਵਿੰਦਰ ਸਿੰਘ ਚਾਹਲ, ਸ: ਹਰਦੀਪ ਸਿੰਘ ਲੋਹਾਖੇੜ੍ਹਾ
ਸੰਪਰਕ ਨੰਬਰ : 92565 55555, 98140 52435

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

# ਧੰਨ-ਧੰਨ 108
# ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ
# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ

ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।

18-2-2024 ਦਿਨ ਐਤਵਾਰ

ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ

ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।

ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681





# 67ਵੀਆਂ ਸਕੂਲ ਖੇਡਾਂ ਵਿੱਚ ਚੰਗੀ ਖੇਡ ਦਾ ਪ੍ਰਦਰਸ਼ਨ ਕਰਨ ਵਾਲੇ ਦੋ ਖਿਡਾਰੀਆਂ ਨੂੰ ਉਹਨਾਂ ਦੇ ਪਿੰਡ ਤੇ ਸਕੂਲ ਵਾਸੀਆਂ ਨੇ ਪਲਕਾਂ 'ਤੇ ਬਿਠਾ ਕੇ ਕੀਤਾ ਸ਼ਾਨਦਾਰ ਸਵਾਗਤ





ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ, 02 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪਿੰਡਾਂ ਦੇ ਨੌਜਵਾਨਾਂ ਵਿੱਚ ਹੁਣ ਲਗਾਤਾਰ ਖੇਡਾਂ ਦਾ ਜਨੂੰਨ ਵਧਦਾ ਜਾ ਰਿਹਾ ਹੈ। ਉਹ ਆਪਣੇ ਸੂਬੇ ਲਈ ਚੰਗਾ ਨਾਮ ਰੌਸ਼ਨ ਕਰਨ ਲੱਗ ਪਏ ਹਨ ਤੇ ਜੇਤੂ ਟਰਾਫੀਆਂ ਲੈ ਕੇ ਪਿੰਡ ਤੇ ਇਲਾਕੇ ਦੇ ਲੋਕ ਉਨਾਂ ਦਾ ਸ਼ਾਨਦਾਰ ਸਵਾਗਤ ਕਰਨ ਵਿੱਚ ਕਦੇ ਵੀ ਕੰਨੀ ਨਹੀਂ ਕਤਰਾਉਂਦੇ ਅਜਿਹਾ ਹੀ ਹੋਇਆ ਬਠਿੰਡਾ ਜ਼ਲ੍ਹਿੇ ਦੀ ਤਲਵੰਡੀ ਸਾਬੋ ਸਬ ਡਵੀਜ਼ਨ ਦੇ ਪਿੰਡ ਲਹਿਰੀ ਦੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਦੋ ਖਿਡਾਰੀਆਂ ਨੇ ਜਿਨ੍ਹਾਂ ਨੇ ਤਲੰਗਾਨਾ ਅਤੇ ਬੈਂਗਲੌਰ ਵਿੱਚ ਹੋਏ ਕਬੱਡੀ ਨੈਸ਼ਨਲ ਮੁਕਾਬਿਲਆਂ ਵਿੱਚ ਪੰਜਾਬ ਵੱਲੋਂ ਖੇਡ ਕੇ ਚੰਗਾ ਪ੍ਰਦਰਸ਼ਨ ਕੀਤਾ ਹੈ ਤੇ ਉਨ੍ਹਾਂ ਨੂੰ ਪਿੰਡ ਵਾਸੀਆਂ ਤੇ ਸਕੂਲ ਪ੍ਰਬੰਧਕਾਂ ਨੂੰ ਜਦੋਂ ਉਨਾਂ ਦੇ ਵਾਪਸ ਪਰਤਣ ਦਾ ਪਤਾ ਲੱਗਾ ਤਾਂ ਉਹ ਆਪਣੀਆਂ ਗੱਡੀਆਂ ਲੈ ਕੇ ਜਗਾ ਰਾਮ ਤੀਰਥ ਪਹੁੰਚੇ, ਜਿੱਥੇ ਜਗਾ ਵਾਸੀਆਂ ਨੇ ਨਿੱਘਾ ਸਵਾਗਤ ਕਰਦਿਆਂ ਗਲਾਂ ਚ ਹਾਰ ਪਹਿਨਾ ਕੇ ਫੁੱਲਾਂ ਦੇ ਗੁਲਦਸਤੇ ਭੇਂਟ ਕੀਤੇ। ਇਸ ਤੋਂ ਉਪਰੰਤ ਉਨਾਂ ਨੂੰ ਖੁੱਲੀ ਗੱਡੀ 'ਚ ਬਿਠਾ ਕੇ ਉਹਨਾਂ ਦੁਆਰਾ ਜਿੱਤੀਆਂ ਟਰਾਫੀਆਂ ਨੂੰ ਉੱਪਰ ਲਹਿਰਾਉਂਦੇ ਹੋਏ ਉਹਨਾਂ ਦੇ ਗਲਾਂ ਵਿੱਚ ਫੁੱਲਾਂ ਦੀਆਂ ਮਾਲਾਵਾਂ ਪਾ ਕੇ ਤੇ ਗੁਲਾਲ ਖੇਡ ਕੇ ਸੀਂਗੋ, ਲਹਿਰੀ, ਮੈਨੂੰਆਣਾ ਅਤੇ ਮਿਰਜੇਆਣਾ ਵਿਖੇ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ ਸਕੂਲ ਪਹੁੰਚਣ 'ਤੇ ਸੁਸਾਇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਵਲੋਂ ਫੁੱਲਾਂ ਦੇ ਹਾਰ ਪਹਿਨਾਕੇ ਅਤੇ ਰੰਗ ਲਗਾ ਕੇ ਮੂੰਹ ਮਿੱਠਾ ਕਰਵਾਇਆ ਅਤੇ ਵਧਾਈ ਦਿੱਤੀ। ਇਸ ਸਬੰਧੀ ਉਨਾਂ ਦੇ ਕੋਚ ਹਰਵਿੰਦਰ ਸਿੰਘ ਤੇ ਸਕੂਲ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਉਹਨਾਂ ਨੂੰ ਵਧਾਈ ਦਿੱਤੀ, ਟਰਾਫੀਆਂ ਜਿੱਤਣ ਵਾਲੇ ਖਿਡਾਰੀ ਵੀ ਖੁਸ਼ੀ ਵਿੱਚ ਨਜ਼ਰ ਆਏ। ਉਨਾਂ ਨੇ ਸਕੂਲ ਪ੍ਰਬੰਧਕਾਂ ਤੇ ਕਬੱਡੀ ਕੋਚ ਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਹੋਰ ਨੌਜਵਾਨਾਂ ਨੂੰ ਵੀ ਖੇਡਾਂ ਵਿੱਚ ਵੱਧ ਤੋਂ ਵੱਧ ਰੁਚੀ ਨਾਲ ਭਾਗ ਲੈਣ ਦੀ ਅਪੀਲ ਕੀਤੀ। ਦੱਸ ਦਈਏ ਕਿ 67ਵੀਂਆਂ ਸਕੂਲ ਖੇਡਾਂ ਵਿਚ ਕਬੱਡੀ ਲੜਕੇ (ਅੰਡਰ-17) ਬਠਿੰਡਾ ਜ਼ਲ੍ਹਿੇ ਵਿੱਚੋਂ ਪੰਜਾਬ ਦੀ ਟੀਮ ਵੱਲੋਂ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਖਿਡਾਰੀ ਗੈਰੀ ਸਿੰਘ ਮਿਰਜੇਆਣਾ ਨੇ ਤਿਲੰਗਾਨਾ ਅਤੇ ਅੰਡਰ- 19 (ਲੜਕੇ) ਹੁਸਨਪ੍ਰੀਤ ਸਿੰਘ ਲਹਿਰੀ ਨੇ ਬੈਂਗਲੌਰ ਵਿਖੇ ਚੰਗੀ ਖੇਡ ਦਾ ਪ੍ਰਦਰਸ਼ਨ ਕਰਕੇ ਪੰਜਾਬ ਲਈ ਮਾਣਮੱਤੀ ਪ੍ਰਾਪਤੀ ਕੀਤੀ ਹੈ। ਇਸ ਮੌਕੇ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਦੱਸਦਿਆਂ ਜਿੱਥੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਉਥੇ ਬੱਚਿਆਂ, ਉਹਨਾਂ ਦੇ ਕੋਚ ਹਰਵਿੰਦਰ ਸਿੰਘ ਨੂੰ ਵਧਾਈ ਦਿੱਤੀ। ਉਹਨਾਂ ਦੱਸਿਆ ਕਿ 33ਵੀਂ ਪੰਜਾਬ ਕਬੱਡੀ ਚੈਂਪੀਅਨਸ਼ਪਿ 'ਚ ਵੀ ਦੋ ਖਿਡਾਰੀਆਂ ਦੀ ਨੈਸ਼ਨਲ ਲਈ ਚੋਣ ਹੋ ਚੁੱਕੀ ਹੈ ਜਿਹਨਾਂ ਵਿਚ ਗੈਰੀ ਸਿੰਘ ਮਿਰਜੇਆਣਾ ਅਤੇ ਗੁਰਕੀਰਤ ਸਿੰਘ ਸੀਂਗੋ ਸ਼ਾਮਿਲ ਹਨ। ਉਹਨਾਂ ਉਮੀਦ ਜਤਾਈ ਕਿ ਦੋਵੇਂ ਖਿਡਾਰੀ ਮੁੜ ਤੋਂ ਪੰਜਾਬ ਦਾ ਨਾਮ ਚਮਕਾਉਣਗੇ। ਇਸ ਮੌਕੇ ਸਮੁੱਚਾ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ



# ਮਾਤਾ ਮਹਿੰਦਰ ਕੌਰ ਚੀਮਾਂ

ਆਪ ਜੀ ਨੂੰ ਬੜੀ ਦੁਖੀ ਹਿਰਦੇ ਨਾਲ ਸੁਚਿਤ ਕੀਤਾ ਜਾਂਦਾ ਹੈ ਕਿ
ਧਰਮਪਤਨੀ ਸਵ. ਸ. ਮੁਖਤਿਆਰ ਸਿੰਘ ਚੀਮਾਂ (ਫੋਜੀ ਡਾਕਟਰ) ਜੋ ਕਿ ਪਿਛਲੇ ਦਿਨ
25 ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਦਿੱਤੀ ਹੋਈ ਸਵਾਸਾ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ
ਅਕਾਲ ਚਲਾਨਾ ਕਰ ਗਏ ਹਨ ਜਿੰਨ੍ਹਾਂ ਦੀ ਆਤਮਿਕ ਸਾਂਤੀ ਲਈ ਰੱਖੇ ਗਏ

## ਸ਼੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ

ਮਿਤੀ 04 ਫਰਵਰੀ 2024 ਦਿਨ ਐਤਵਾਰ ਨੂੰ ਕੀਰਤਨ 12 ਤੋਂ 1 ਵਜੇ ਤੱਕ
ਸਥਾਨ ਗੁ. ਗੁਰੂਸਰ ਸਾਹਿਬ ਪਿੰਡ ਚਕਰ, ਤਹਿ: ਜਗਰਾਓ, ਜਿਲ੍ਹਾ ਲੁਧਿ: ਵਿਖੇ ਪਵੇਗਾ

**ਨੋਟ: ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ**

ਆਵਾਜ਼ਿ ਕੌਮ AWAZE QAUM International Newspaper & WEB TV

**ਦੁਖੀ ਹਿਰਦੇ**

ਹਰਚੰਦ ਸਿੰਘ ਚਕਰ (ਸਪੁੱਤਰ)
ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਅਤੇ ਸਾਬਕਾ ਸਰਪੰਚ ਚਕਰ
ਇੱਕਜੋਤ ਸਿੰਘ ਚੀਮਾਂ ਅਤੇ ਸਮੂਹ ਚੀਮਾਂ ਪਰਿਵਾਰ

M. 98727-25438




# ੧ੴ ਸਤਿਗੁਰ ਪ੍ਰਸਾਦਿ ।
# ਸ੍ਰੀ ਅਕਾਲ ਸਹਾਇ।


ਭਾਈ ਗੁਰਦੇਵ ਸਿੰਘ ਕਾਉਂਕੇ



ਭਾਈ ਸੁਖਜੀਤ ਸਿੰਘ ਜੀ ਦੇ ਪ੍ਰੀਵਾਰ ਵੱਲੋਂ ਗੁਰੂ ਹਰਿਕ੍ਰਿਸ਼ਨ ਗੁਰੂਦਵਾਰਾ ਸਾਹਿਬ ਓਡਬੀ ਵਿਖੇ

**04** ਫਰਬਰੀ ਐਤਵਾਰ ਸਵੇਰੇ **9.30** ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਜਿਨ੍ਹਾਂ ਦੇ ਭੋਗ **11** ਵਜੇ ਪੈਣਗੇ ਉਪਰੰਤ ਸ਼ਹੀਦ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਦੀ ਨਿੱਘੀ ਯਾਦ ਵਿੱਚ ਸ਼ਹੀਦੀ ਦੀਵਾਨ ਸਜਾਏ ਜਾਣਗੇ । ਗੁਰੂ ਘਰ ਦਾ ਕੀਰਤਨੀ ਜਥਾ ਅਤੇ ਕਥਾਵਾਚਕ ਸੰਗਤਾਂ ਨੂੰ ਸੰਬੋਧਨ ਕਰਨਗੇ ।

ਵੱਲੋਂ
ਭਾਈ ਸੁਖਜੀਤ ਸਿੰਘ ਜੀ ਅਤੇ ਸਮੂਹ ਪ੍ਰੀਵਾਰ
ਸਿੱਖ ਫੈਡਰੇਸ਼ਨ ਯੂਕੇ ਗੁਰੂ ਹਰਿਕ੍ਰਿਸ਼ਨ ਸਾਹਿਬ ਗੁਰੂਦਵਾਰਾ ਓਡਬੀ
**48 Kenilworth Drive**
**Oadby LE2 5LG**
ਵਧੇਰੇ ਜਾਣਕਾਰੀ ਵਾਸਤੇ
ਗੁਰਜੀਤ ਸਿੰਘ ਸਮਰਾ **07877315993**

ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰਦਵਾਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਵਿਖੇ ਦਿਨ ਐਤਵਾਰ 4 February ਨੂੰ ਅਕਾਲ ਤੱਖਤ ਸਾਹਿਬ ਦੇ ਐਕਟਿੰਗ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੀ ਯਾਦ ਵਿਚ ਸਪੈਸ਼ਲ ਦੀਵਾਨ ਸਜਾਏ ਜਾ ਰਹੇ ਹਨ ॥ ਸਵੇਰੇ 9.30 ਵਜੇ ਸੁਖਮਨੀ ਸਾਹਿਬ ਦੇ ਪਾਠ ਆਰੰਭ ਹੋਣਗੇ ਉਪਰੰਤ ਕੀਰਤਨ ਅਤੇ ਕਥਾ ਦਾ ਪਰਵਾਹ ਚਲਗਾ ॥ ਸੰਗਤਾਂ ਨੂੰ ਬੇਨਤੀ ਹੈ ਗੁਰਦਵਾਰਾ ਸਾਹਿਬ ਪਹੁੰਚ ਕੇ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਸ਼ਰਧਾ ਦੇ ਫੁੱਲ ਕਰੋ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ॥

**For further information Contact**

**Gurjeet Singh Samra, Mob. : 07877315993**

# ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।।



## ਮਾਤਾ ਮਹਿੰਦਰ ਕੌਰ ਚੀਮਾ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੁਚਿਤ ਕੀਤਾ ਜਾਂਦਾ ਹੈ ਕਿ ਮਾਤਾ ਮਹਿੰਦਰ ਕੌਰ ਚੀਮਾ ਧਰਮ ਸੁਪਤਨੀ ਸਵ.ਸ੍ਰ: ਮੁਖਤਿਆਰ ਸਿੰਘ ਚੀਮਾ (ਫੌਜੀ ਡਾਕਟਰ) ਜੋ ਕੇ **25** ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਅਕਾਲ ਚਲਾਣਾ ਕਰ ਗਏ ਸਨ । ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ

## ਸ੍ਰੀ ਸਹਿਜ ਪਾਠ ਦੇ ਭੋਗ ਅੰਤਿਮ ਅਰਦਾਸ

ਮਿਤੀ **04** ਫ਼ਰਵਰੀ **2024** ਦਿਨ ਐਤਵਾਰ ਨੂੰ ਕੀਰਤਨ **12** ਤੋਂ **1** ਵਜੇ ਤੱਕ ਸਥਾਨ ਗੁ: ਗੁਰੂਸਰ ਸਾਹਿਬ ਪਿੰਡ ਚਕਰ,ਤਹਿ, ਜਗਰਾਓ (ਲੁਧਿ,) ਵਿਖੇ ਪਵੇਗਾ।

ਵੱਲੋਂ

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਪੰਥਕ ਦਲ

### ਦਮਦਮਾ ਸਾਹਿਬ ਕੈਂਪਸ ਵੱਲੋਂ

# 'ਪੰਜਾਬੀ ਯੂਨੀਵਰਸਿਟੀ ਜੂਨੀਅਰ ਸਾਇੰਸ ਸਟਾਰ ਪ੍ਰਤੀਯੋਗਤਾ-2024' ਦਾ ਸਫਲਤਾਪੂਰਵਕ ਆਯੋਜਨ




ਤਲਵੰਡੀ ਸਾਬੋ, 02 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਉੱਚ ਵਿੱਦਿਆ ਨੂੰ ਸਥਾਨਕ ਪੱਧਰ ਤੇ ਉਪਲੱਬਧ ਕਰਵਾਉਣ ਦੇ ਮਕਸਦ ਨਾਲ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ (ਤਲਵੰਡੀ ਸਾਬੋ) ਵਿਖੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਸਥਾਨਕ ਕੈਂਪਸ ਡਾਇਰੈਕਟਰ ਪ੍ਰੋ .(ਡਾ.) ਕਮਲਜੀਤ ਸਿੰਘ ਦੀ ਅਗਵਾਈ ਅਧੀਨ ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਤੇ ਯਾਦਵਿੰਦਰਾ ਸਾਇੰਸ ਵਿਭਾਗ ਵੱਲੋਂ ਪਿੰਡਾਂ ਦੇ ਸਕੂਲੀ ਵਿਦਿਆਰਥੀਆਂ ਅੰਦਰ ਵਿਗਿਆਨ ਪ੍ਰਤੀ ਰੁਚੀ ਤੇ ਵਿਗਿਆਨਕ ਦ੍ਰਿਸ਼ਟੀਕੋਣ ਵਿਕਸਤ ਕਰਨ ਦੇ ਮੰਤਵ ਨਾਲ ਹਰ ਸਾਲ ਦੀ ਤਰਾਂ ਲਗਾਤਾਰ ਸੱਤਵੀਂ ਵਾਰ 'ਪੰਜਾਬੀ ਯੂਨੀਵਰਸਿਟੀ ਜੂਨੀਅਰ ਸਾਇੰਸ ਸਟਾਰ ਪ੍ਰਤੀਯੋਗਤਾ-2024' ਦਾ ਆਯੋਜਨ 30 ਜਨਵਰੀ ਨੂੰ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ ਪ੍ਰਤੀਯੋਗਤਾ ਲਈ ਪਿੰਡਾਂ ਦੇ ਸਰਕਾਰੀ ਸਕੂਲਾਂ ਦੇ ਦਸਵੀਂ ਕਲਾਸ ਵਿਚ ਪੜ੍ਹਦੇ 980 ਵਿਦਿਆਰਥੀਆਂ ਨੇ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ ਵਿਚੋਂ 490 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਦਿੱਤੀ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਉਨ੍ਹਾਂ ਦੇ ਸਕੂਲ ਦੇ ਅਧਿਆਪਕ ਅਤੇ ਮਾਪੇ ਵੀ ਮੌਜੂਦ ਸਨ। ਵਿਦਿਆਰਥੀਆਂ ਦੇ ਅੰਦਰ ਪੜ੍ਹਾਈ ਪ੍ਰਤੀ ਚੇਟਕ ਲਗਾਉਣ ਲਈ ਇਸ ਸਮੇਂ ਪੰਜਾਬੀ ਯੂਨੀਵਰਸਿਟੀ ਪਬਲੀਕੇਸ਼ਨ ਬਿਊਰੋ ਦੇ ਕਿਤਾਬ ਘਰ ਵਲੋਂ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ ਵੀ ਕੀਤਾ ਗਿਆ। ਇਸ ਤੋਂ ਇਲਾਵਾ ਸਰਕਾਰੀ ਹਾਈ ਸਕੂਲ ਬੀਬੀਵਾਲਾ, ਸਰਕਾਰੀ ਹਾਈ ਸਕੂਲ ਜਨਤਾ ਨਗਰ ਅਤੇ ਸਰਕਾਰੀ ਹਾਈ ਸਕੂਲ ਭਾਵਾ ਦੇ ਕਰੀਬ 300 ਵਿਦਿਆਰਥੀਆਂ ਨੇ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਾ ਦੌਰਾ ਕੀਤਾ। ਡਾ. ਅਸ਼ਵਨੀ ਨਰੂਲਾ ਅਤੇ ਡਾ. ਦਿਵਿਆ ਤਨੇਜਾ ਨੇ ਮਹਿਮਾਨ ਵਿਦਿਆਰਥੀਆਂ ਨੂੰ ਕੈਂਪਸ ਬਾਰੇ ਅਤੇ ਦਸਵੀਂ ਤੋਂ ਬਾਅਦ ਦੀ ਇੱਥੇ ਪੜ੍ਹਾਈ ਲਈ ਉਪਲੱਬਧ ਵੱਖ-ਵੱਖ ਇੰਜੀਨੀਅਰਿੰਗ ਕੋਰਸਾਂ ਬਾਰੇ ਜਾਣੂ ਕਰਵਾਇਆ। ਵਿਦਿਆਰਥੀਆਂ ਦਾ ਪੂਰੇ ਕੈਂਪਸ ਦਾ ਟੂਰ ਵੀ ਲਗਵਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਯਾਦਵਿੰਦਰਾ ਇੰਜਨੀਅਰਿੰਗ ਅਤੇ ਯਾਦਵਿੰਦਰਾ ਸਾਇੰਸਜ ਵਿਭਾਗਾਂ ਦੇ ਮੁਖੀ ਕ੍ਰਮਵਾਰ ਡਾ. ਸਿੰਪਲ ਜਿੰਦਲ ਅਤੇ ਡਾ. ਅੰਜੂ ਸੈਣੀ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੰਢੂ ਕਲਾਂ ਦੀ ਵਿਦਿਆਰਥਣ ਜਸਮੀਨ ਜੱਸੀ ਨੇ 5000 ਰੁਪਏ ਦਾ ਪਹਿਲਾ ਨਕਦ ਇਨਾਮ ਜਿੱਤਿਆ, ਜਦਕਿ ਸਰਕਾਰੀ ਹਾਈ ਸਕੂਲ ਨਹੀਆਂ ਵਾਲਾ ਦੇ ਅਭਿਨਵ ਗਰਗ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਦੇ ਗੁਰਸੇਵਕ ਸਿੰਘ ਨੇ ਕ੍ਰਮਵਾਰ 3000 ਰੁਪਏ ਦਾ ਦੂਜਾ ਅਤੇ 2000 ਰੁਪਏ ਦਾ ਤੀਜਾ ਇਨਾਮ ਹਾਸਲ ਕੀਤਾ। ਇਸ ਤੋਂ ਇਲਾਵਾ ਅਗਲੀਆਂ ਵੀਹ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿਚ ਬਠਿੰਡਾ ਦੇ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ) ਸ੍ਰੀ ਇਕਬਾਲ ਸਿੰਘ ਬੁੱਟਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨਾਂ ਨੇ ਇਸ ਮੌਕੇ ਯੂਨੀਵਰਸਿਟੀ ਦੇ ਇਸ ਕਦਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਮਾਲਵਾ ਖੇਤਰ ਦੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਲਈ ਇਹ ਇਹ ਬਹੁਤ ਵਧੀਆ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਉਹਨਾਂ ਨਾਲ ਬਠਿੰਡਾ ਦੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਸ੍ਰੀ ਰਾਜਵੀਰ ਸਿੰਘ ਔਲਖ ਨੇ ਵੀ ਵਿਸ਼ੇਸ ਤੌਰ 'ਤੇ ਸ਼ਮੂਲੀਅਤ ਕੀਤੀ। ਇਨਾਮ ਵੰਡ ਸਮਾਰੋਹ ਮੌਕੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੁਸ਼ੀਲ ਕੁਮਾਰ, ਪ੍ਰੋ. ਜਗਤਾਰ ਸਿੰਘ, ਪ੍ਰੋ. ਹਜ਼ੂਰ ਸਿੰਘ, ਪ੍ਰਤੀਯੋਗਤਾ ਦੇ ਕੋਆਰਡੀਨੇਟਰਜ ਡਾ. ਬਲਵਿੰਦਰ ਸਿੰਘ ਅਤੇ ਡਾ. ਬਲਜਿੰਦਰ ਕੌਰ, ਕੋ-ਕੋਆਰਡੀਨੇਟਰਜ ਡਾ. ਸ਼ਰੂਤੀ ਸ਼ਰਮਾਂ ਅਤੇ ਡਾ ਬਾਲ ਕ੍ਰਿਸ਼ਨ ਸਮੇਤ ਸਾਰੇ ਵਿਭਾਗਾਂ ਦੇ ਸਮੂਹ ਅਧਿਆਪਕ ਅਤੇ ਸਟਾਫ਼ ਮੈਂਬਰ ਸਹਿਬਾਨ ਹਾਜ਼ਰ ਸਨ।

### ਵਿਧਾਇਕ ਨਰਿੰਦਰ ਕੌਰ ਭਰਾਜ ਨੇ

# ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਦੇ ਨਵੇਂ ਦਫ਼ਤਰ ਦੀ ਇਮਾਰਤ ਦਾ ਕੀਤਾ ਉਦਘਾਟਨ



ਸੰਗਰੂਰ, ( **ਰਣਜੀਤ ਸਿੰਘ ਪੇਧਨੀ** )-ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਇੱਥੇ ਸਥਾਨਕ ਮੈਗਜ਼ੀਨ ਮੁਹੱਲੇ 'ਚ ਲਗਭਗ 1.17 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਦੇ ਨਵੇਂ ਦਫ਼ਤਰ ਦੀ ਇਮਾਰਤ ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਦੇ ਖੇਤਰ 'ਚ ਸੁਧਾਰ ਲਿਆਉਣ ਲਈ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਗਏ ਹਨ ਅਤੇ ਇਨ੍ਹਾਂ ਨੀਤੀਆਂ ਸਦਕਾ ਸੰਗਰੂਰ ਅੱਜ ਸਕੂਲ ਸਿੱਖਿਆ ਦੇ ਖੇਤਰ 'ਚ ਪੂਰੇ ਦੇਸ਼ 'ਚੋ ਅੱਵਲ ਆਇਆ ਹੈ।

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਸਦਕਾ ਸੰਗਰੂਰ ਅੱਜ ਸਕੂਲ ਸਿੱਖਿਆ ਦੇ ਖੇਤਰ 'ਚ ਪੂਰੇ ਦੇਸ਼ 'ਚੋ ਅੱਵਲ: ਨਰਿੰਦਰ ਕੌਰ ਭਰਾਜ**

ਆਵਾਜ਼ਿ ਕੌਮ AWAZE QAUM International Newspaper & WEB TV

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਕੂਲਾਂ ਵਿੱਚ ਅਧਿਆਪਕਾਂ ਨੂੰ ਸਹੀ ਢੰਗ ਨਾਲ ਪੜ੍ਹਾਉਣ ਦੇ ਅਨੁਕੂਲ ਮਾਹੌਲ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਤਾਂ ਜੋ ਵਿਦਿਆਰਥੀਆਂ ਦਾ ਸੁਨਿਹਰੀ ਭਵਿੱਖ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਅਧਿਆਪਕਾਂ ਦੀ ਬਦਲੀ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਨੀਤੀ ਇਸ ਗੱਲ ਦਾ ਪ੍ਰਤੱਖ ਸਬੂਤ ਹੈ।

ਵਿਧਾਇਕ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਦੇ 471 ਐਲੀਮੈਂਟਰੀ ਸਕੂਲਾਂ ਦੇ 50 ਹਜ਼ਾਰ ਤੋਂ ਵਧੇਰੇ ਵਿਦਿਆਰਥੀਆਂ ਅਤੇ ਕਰੀਬ 12 ਹਜ਼ਾਰ ਸਟਾਫ ਮੈਂਬਰਾਂ ਨਾਲ ਸਿੱਧੇ ਅਤੇ ਅਸਿੱਧੇ ਤੌਰ 'ਤੇ ਸਬੰਧਤ ਇਸ ਦਫ਼ਤਰ ਦੀ ਇਮਾਰਤ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਜਲਦ ਹੀ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸੰਗਰੂਰ ਲਈ ਵੀ ਨਵੀਂ ਇਮਾਰਤ ਦੀ ਉਸਾਰੀ ਲਈ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਮੇਵਾ ਸਿੰਘ ਸਿੱਧੂ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਬਲਾਕ ਪੱਧਰੀ ਮੈਥ ਐਗਜ਼ੀਬਿਸ਼ਨ 'ਚ ਸਰਕਾਰੀ ਹਾਈ ਸਕੂਲ ਚੰਨਣਕੇ ਨੇ ਦੂਜਾ ਸਥਾਨ ਪ੍ਰਾਪਤ ਕੀਤਾ




**ਚੌਂਕ ਮਹਿਤਾ, 02 ਫਰਵਰੀ (ਸੁਖਵੰਤ ਸਿੰਘ ਚੰਨਣਕੇ)**-ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ ਹੇਠ ਪੂਰੇ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਬਲਾਕ ਪੱਧਰੀ ਮੈਥ ਐਗਜ਼ੀਬਿਸ਼ਨ, ਕੁਇੱਝ ਕੰਪੀਟੀਸ਼ਨ ਅਤੇ ਡੇਕਲਾਮੇਸ਼ਨ ਮੁਕਾਬਲੇ ਕਰਵਾਏ ਗਏ। ਇਸੇ ਲੜੀ ਵਿੱਚ ਅੰਮ੍ਰਿਤਸਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ਼੍ਰੀ ਰਾਜੇਸ਼ ਕੁਮਾਰ ਜੀ ਦੀ ਰਹਿਨੁਮਾਈ ਹੇਠ ਪੂਰੇ ਜ਼ਿਲ੍ਹੇ ਦੇ ਹਰ ਬਲਾਕ ਵਿੱਚ ਬੜੇ ਵਧੀਆ ਢੰਗ ਨਾਲ ਇਹ ਮੁਕਾਬਲੇ ਆਯੋਜਿਤ ਕੀਤੇ ਗਏ। ਬਲਾਕ ਤਰਸਿੱਕਾ ਦੇ ਨੋਡਲ ਅਫ਼ਸਰ ਪ੍ਰਿੰਸੀਪਲ ਸ਼੍ਰੀ ਦੀਪਕ ਕੁਮਾਰ ਜੀ ਦੀ ਅਗਵਾਈ ਹੇਠ ਇਹ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਵਿਖੇ ਕਰਵਾਏ ਗਏ। ਇਸ ਵਿੱਚ ਬਲਾਕ ਦੇ ਹਰ ਸਕੂਲ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਪੂਰੇ ਜੋਸ਼- ਖਰੋਸ਼ ਨਾਲ ਤਿਆਰੀਆਂ ਕੀਤੀਆਂ ਗਈਆਂ ਸਨ। ਸਰਕਾਰੀ ਹਾਈ ਸਕੂਲ ਚੰਨਣਕੇ ਦੇ ਵਿਦਿਆਰਥੀਆਂ ਵੱਲੋਂ ਇਨ੍ਹਾਂ ਵਿੱਦਿਅਕ ਗਤੀਵਿਧਿਆਂ ਵਿੱਚ ਮੈਥ ਅਧਿਆਪਕ ਸ. ਰਣਜੀਤ ਸਿੰਘ ਅਤੇ ਬਿੰਦੀਆ ਰਾਣੀ ਦੀ ਦੀ ਸੁਯੋਗ ਤਿਆਰੀ ਵਿੱਚ ਹਿੱਸਾ ਲਿਆ ਗਿਆ ਅਤੇ ਮੈਥ ਐਗਜ਼ੀਬਿਸ਼ਨ ਵਿੱਚੋਂ ਬਲਾਕ ਪੱਧਰ 'ਤੇ ਵਿਦਿਆਰਥਣਾਂ ਮੁਸਕਾਨ ਕੌਰ ਅਤੇ ਏਕਤਾਪ੍ਰੀਤ ਕੌਰ ਵੱਲੋਂ ਦੂਸਰਾ ਸਥਾਨ ਪ੍ਰਾਪਤ ਕੀਤਾ ਗਿਆ। ਇਸ ਮੌਕੇ ਸਰਕਾਰੀ ਹਾਈ ਸਕੂਲ ਚੰਨਣਕੇ ਦੇ ਹੈੱਡਮਾਸਟਰ ਸ. ਨਰਿੰਦਰ ਸਿੰਘ 'ਰਾਏ' ਵੱਲੋਂ ਸਮੂਹ ਸਟਾਫ਼ ਨੂੰ ਇਸ ਗੱਲ ਦੀ ਵਧਾਈ ਦਿੱਤੀ ਅਤੇ ਕੰਪੀਟੀਸ਼ਨ ਲਈ ਗਈਆਂ ਵਿਦਿਆਰਥਣਾਂ ਅਰਮਾਨਦੀਪ ਕੌਰ, ਹਰਪ੍ਰੀਤ ਕੌਰ, ਮਨਪ੍ਰੀਤ ਕੌਰ, ਰਾਜਵਿੰਦਰ ਕੌਰ ਨੂੰ ਵੀ ਵਧਾਈ ਦੇਣ ਦੇ ਨਾਲ-ਨਾਲ ਹੋਰ ਤਿਆਰੀ ਕਰਨ ਦੀ ਸਲਾਹ ਦਿੱਤੀ। ਇਸ ਮੌਕੇ ਚੰਨਣਕੇ ਸਕੂਲ ਦੇ ਸੀਨੀਅਰ ਅਧਿਆਪਿਕਾ ਮੈਡਮ ਰਾਜਵਿੰਦਰ ਕੌਰ, ਰਸ਼ਪਾਲ ਸਿੰਘ, ਮੈਡਮ ਭੁਪਿੰਦਰ ਕੌਰ, ਮੈਡਮ ਗੁਰਪ੍ਰੀਤ ਕੌਰ, ਮੈਡਮ ਜੋਬਨਜੀਤ ਕੌਰ, ਮੈਡਮ ਰਮਨਦੀਪ ਕੌਰ ਤੋਂ ਇਲਾਵਾ ਰਮਨ ਕੁਮਾਰ, ਹੀਰਾ ਸਿੰਘ ਆਦਿ ਹਾਜ਼ਰ ਸਨ।

# ਭਾਰਤ-ਪਾਕਿਸਤਾਨ ਦਰਮਿਆਨ ਬਾਰਡਰ ਰਾਹੀਂ ਬੰਦ ਪਏ ਵਪਾਰ ਨੂੰ ਮੁੜ ਤੋਂ ਖੋਲਿਆ ਜਾਏ: ਸਰਨਾ

## ਪੰਜਾਬ ਦੇ ਨਾਲ ਦੇਸ਼ ਨੂੰ ਮਿਲੇਗਾ ਵੱਡਾ ਆਰਥਿਕ ਹੁਲਾਰਾ



ਨਵੀਂ ਦਿੱਲੀ 2 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਵੱਲੋਂ ਜੋ ਭਾਰਤ - ਪਾਕਿਸਤਾਨ ਦਰਮਿਆਨ

ਆਵਾਜ਼ਿ ਕੌਮ AWAZE QAUM International Newspaper & WEB TV

ਬਾਰਡਰ ਰਾਹੀਂ ਬੰਦ ਪਏ ਵਪਾਰ ਨੂੰ ਖੋਲ੍ਹਣ ਦੀ ਮੰਗ ਕੀਤੀ ਗਈ ਹੈ । ਇਹ ਬਹੁਤ ਹੀ ਸ਼ਲਾਘਾਯੋਗ ਤੇ ਸਮੇਂ ਦੇ ਅਨੁਸਾਰੀ ਹੈ । ਭਾਰਤ - ਪਾਕਿਸਤਾਨ ਬਾਰਡਰ ਰਾਹੀਂ ਵਪਾਰ ਖੁੱਲ੍ਹਣ ਨਾਲ ਜਿੱਥੇ ਨਾ ਸਿਰਫ ਪੰਜਾਬ ਨੂੰ ਵੱਡਾ ਆਰਥਿਕ ਹੁਲਾਰਾ ਮਿਲੇਗਾ ।ਉੱਥੇ ਹੀ ਇਹ ਦੋਵੇਂ ਮੁਲਕਾਂ ਦੇ ਲਈ ਵੀ ਲਾਹੇਬੰਦ ਹੈ । ਬਾਰਡਰ ਤੇ ਵਪਾਰ ਬੰਦ ਹੋਣ ਕਾਰਨ ਬਹੁਤ ਸਾਰੇ ਗਰੀਬ ਮਜ਼ਦੂਰ ਪ੍ਰਭਾਵਿਤ ਹੋ ਰਹੇ ਹਨ । ਜਿੰਨਾ ਦੀ ਰੋਜ਼ੀ ਰੋਟੀ ਇਸਦੇ ਨਾਲ ਚੱਲਦੀ ਸੀ । ਜਿਸ ਕਾਰਨ ਉਹ ਆਰਥਿਕ ਮੰਦਹਾਲੀ ਵਿੱਚ ਹਨ ਜੇਕਰ ਵਪਾਰ ਮੁੜ ਆਰੰਭ ਹੁੰਦਾ ਹੈ ਤਾਂ ਉਹਨਾਂ ਲੋਕਾਂ ਨੂੰ ਮੁੜ ਰੋਜ਼ਗਾਰ ਮਿਲੇਗਾ ਤੇ ਉਹ ਆਪਣੇ ਪਰਿਵਾਰਾਂ ਦਾ ਸਹੀ ਤਰਾਂ ਪਾਲਣ ਪੋਸ਼ਣ ਕਰ ਸਕਣਗੇ। ਸਰਕਾਰ ਨੂੰ ਨਾ ਸਿਰਫ ਵਾਹਗਾ ਬਾਰਡਰ ਸਗੋਂ ਹੁਸੈਨੀਵਾਲਾ ਬਾਰਡਰ ਰਾਹੀਂ ਵੀ ਸਰਹੱਦ ਪਾਰ ਵਪਾਰ ਨੂੰ ਹੁਲਾਰਾ ਦੇਣਾ ਚਾਹੀਦਾ ਹੈ । ਇਸ ਨਾਲ ਸਰਹੱਦ ਦੇ ਦੋਵੇਂ ਪਾਸੇ ਰਹਿੰਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਉਠੇਗਾ । ਸਗੋਂ ਸਿੱਖ ਕੌਮ ਦੇ ਸੈਕੜੇਂ ਦੀ ਗਿਣਤੀ ਵਿੱਚ ਪਾਕਿਸਤਾਨ ਵਿੱਚ ਰਹਿ ਗਏ ਗੁਰਧਾਮਾਂ ਦੀ ਸੇਵਾ ਸੰਭਾਲ ਦਾ ਮੌਕਾ ਵੀ ਮਿਲ ਸਕੇਗਾ ਤੇ ਉੱਥੇ ਮੁੜ ਤੋਂ ਸੰਗਤ ਜੁੜੇਗੀ ਅਤੇ ਨਾਲ ਹੀ ਦੋਵਾਂ ਮੁਲਕਾਂ ਵਿੱਚ ਆਪਸੀ ਸਾਂਝ ਤੇ ਭਾਈਚਾਰਕ ਇਤਫ਼ਾਕ ਵਧੇਗਾ । ਇਸ ਲਈ ਸਰਕਾਰ ਨੂੰ ਸਰਹੱਦ ਪਾਰ ਵਪਾਰ ਨੂੰ ਬਿਨਾ ਕਿਸੇ ਦੇਰੀ ਦੇ ਖੋਲ੍ਹਣਾ ਚਾਹੀਦਾ ਹੈ। ਤੇ ਜਿੰਨਾਂ ਚਿਰ ਤੱਕ ਇਹ ਵਪਾਰਕ ਬਾਰਡਰ ਨਹੀਂ ਖੋਲੇ ਜਾਂਦੇ ਸਰਕਾਰ ਨੂੰ ਹੱਦ ਤੇ ਕੰਮ ਕਰਦੇ ਪਰ ਹੁਣ ਕੰਮ ਤੋਂ ਵਿਹਲੇ ਬੈਠੇ ਗਰੀਬ ਮਜ਼ਦੂਰਾਂ ਨੂੰ ਮਹੀਨੇ ਦਾ ਘੱਟੋ ਘੱਟ ਦਸ ਹਜ਼ਾਰ ਰੁਪਿਆ ਮਹੀਨਾ ਖਰਚ ਦੇਣਾ ਚਾਹੀਦਾ ਹੈ ਤਾਂ ਉਹ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰ ਸਕਣ।

# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ 4 ਫਰਵਰੀ ਨੂੰ ਮਲੋਟ ਵਿਖੇ ਕੀਤੇ ਜਾਣ ਵਾਲਾ ਰੋਸ ਪ੍ਰਦਰਸ਼ਨ ਮੁਲਤਵੀ



ਤਲਵੰਡੀ ਸਾਬੋ, 2 ਫਰਵਰੀ (ਗੁਰਜੰਟ ਸਿੰਘ ਨਥੇਹਾ)- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਪੰਜਾਬ ਭਰ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਲੈ ਕੇ 4 ਫਰਵਰੀ ਦਿਨ ਐਤਵਾਰ ਨੂੰ ਜੋ ਰੋਸ ਪ੍ਰਦਰਸ਼ਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਸ਼ਹਿਰ ਮਲੋਟ ਵਿਖੇ ਰੱਖਿਆ ਗਿਆ ਸੀ ਉਹ ਰੋਸ ਪ੍ਰਦਰਸ਼ਨ ਇਕ ਹਫਤੇ ਲਈ ਮੁਲਤਵੀ ਕਰ ਦਿੱਤਾ ਗਿਆ ਹੈ ਤੇ ਜੇਕਰ ਇਕ ਹਫਤੇ ਤੱਕ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਜਥੇਬੰਦੀ ਵੱਲੋਂ ਅਗਲੇ ਹਫਤੇ ਮਲੋਟ ਵਿਖੇ ਹੀ ਧਰਨਾ ਲਗਾਇਆ ਜਾਵੇਗਾ। ਉਪਰੋਕਤ ਜਾਣਕਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੇ ਦਿੱਤੀ। ਉਹਨਾਂ ਦੱਸਿਆ ਕਿ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਡਾਇਰੈਕਟਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਸਬੰਧੀ 5 ਫਰਵਰੀ ਨੂੰ ਸਵੇਰੇ 11 ਵਜੇ ਚੰਡੀਗੜ੍ਹ ਮੁੱਖ ਦਫਤਰ ਵਿੱਚ ਯੂਨੀਅਨ ਦੇ ਆਗੂਆਂ ਦੀ ਮੀਟਿੰਗ ਬੁਲਾ ਲਈ ਹੈ ਤੇ ਇਸ ਸਬੰਧੀ ਯੂਨੀਅਨ ਨੂੰ ਚਿੱਠੀ ਵੀ ਭੇਜ ਦਿੱਤੀ ਗਈ ਹੈ।




### ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜੁਝਾਰੂ ਆਗੂਆਂ ਨੂੰ ਘਰਾਂ ਤੋਂ ਚੁੱਕ ਕੇ

# ਨਜਾਇਜ਼ ਨਜ਼ਰਬੰਦ ਕਰਨਾ ਲੋਕਤੰਤਰ ਤੇ ਹਮਲਾ : ਬਿੱਟੂ ਚੋਹਾਨ

ਮਾਲੇਰਕੋਟਲਾ ( ਰਣਜੀਤ ਸਿੰਘ ਪੇਧਨੀ )ਭਗਵੰਤ ਮਾਨ ਸਰਕਾਰ ਨੇ ਪੰਜਾਬ ਦਾ ਅਮਨ ਮਹੌਲ ਖਰਾਬ ਕਰਨ ਦੀ ਆਪ ਕੋਸ਼ਸ਼ਿ ਕੀਤੀ ਹੈ।ਕਿਉਂਕਿ ਸ਼ੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਧੂਰੀ ਵਿਖੇ ਸ਼ਾਂਤਮਈ ਢੰਗ ਨਾਲ ਧਰਨਾ ਪ੍ਰਦਰਸ਼ਨ ਕੀਤਾ ਗਿਆ ਜਾ ਰਿਹਾ ਸੀ। ਜਦ ਕਿ ਪੰਜਾਬ ਸਰਕਾਰ ਨੇ ਔਰੰਗੀ ਫ਼ਰਮਾਨ ਜਾਰੀ ਕਰਕੇ ਪੰਜਾਬ ਪੁਲਿਸ ਪ੍ਰਸ਼ਾਸਨ ਵਲੋਂ ਮੈਂਬਰ ਪਾਰਲੀਮੈਂਟ ਸਰਦਾਰ ਸਿਮਰਨਜੀਤ ਸਿੰਘ ਮਾਨ ਅਤੇ ਉਨ੍ਹਾਂ ਦੇ ਦੋਹਤੇ ਅਤੇ ਪਾਰਟੀ ਦੇ ਜੱਥੇਬੰਦਕ ਸਕੱਤਰ ਗੋਬਿੰਦ ਸਿੰਘ ਸੰਧੂ ਨੂੰ ਉਨ੍ਹਾਂ ਦੀ ਰਿਹਾਇਸ਼ ਵਿਖੇ ਨਜਰਬੰਦ ਕਰ ਦੇਣਾ ਅਤੇ ਜ਼ਲ੍ਹਿਾ ਮਾਲੇਰਕੋਟਲਾ ਦੇ ਜ਼ਲ੍ਹਿਾ ਸੀਨੀਅਰ ਮੀਤ ਪ੍ਰਧਾਨ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਨੂੰ ਭਾਰੀ ਪੁਲਸ ਫੋਰਸ ਦੀ ਮੱਦਦ ਨਾਲ ਐਸ ਐਚ ਓ ਸਿਟੀ ਵਣ ਸਰਦਾਰ ਯਾਦਵਿੰਦਰ ਸਿੰਘ ਜੀ ਨੇ ਪਹਿਲਾਂ ਉਨ੍ਹਾਂ ਦੇ ਘਰ ਵਿੱਚ ਨਜ਼ਰਬੰਦ ਕਰਕੇ ਰੱਖਿਆ ਅਤੇ ਬਾਅਦ ਦੇਰ ਸ਼ਾਮ ਤੱਕ ਸਿਟੀ ਵਣ ਮਾਲੇਰਕੋਟਲਾ ਵਿੱਚ ਰੱਖਿਆ।



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਾਜੀ ਬਿੱਟੂ ਚੋਹਾਨ ਨੇ ਕਿਹਾ ਭਗਵੰਤ ਮਾਨ ਦੇ ਇਸ ਔਰੰਗੀ ਫ਼ਰਮਾਨ ਨੇ ਲੋਕਤੰਤਰ ਦਾ ਘਾਣ ਕੀਤਾ ਹੈ ਜਦ ਕਿ ਭਾਰਤ ਦਾ ਸੰਵਿਧਾਨ ਸਾਨੂੰ ਇਹ ਹੱਕ ਦਿੰਦਾ ਹੈ ਕਿ ਸਰਕਾਰ ਦੁਆਰਾ ਕੀਤੇ ਜਾ ਰਹੇ ਕਿਸੇ ਵੀ ਨਾਜਾਇਜ਼ ਰੱਵਈਏ ਦੇ ਖਿਲਾਫ ਸ਼ਾਂਤਮਈ ਢੰਗ ਨਾਲ ਧਰਨਾ ਪ੍ਰਦਰਸ਼ਨ ਕਰ ਸਕਦੇ ਹਾਂ ।

ਸੋ ਅੱਜ ਅਸੀਂ ਮੈਂਬਰ ਪਾਰਲੀਮੈਂਟ ਅਤੇ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਸਾਹਿਬ ਦੀ ਕਾਲ ਤੇ ਭਾਨੇ ਸਿੱਧੂ ਦੀ ਰਿਹਾਈ ਲਈ ਧੂਰੀ ਵਿਖੇ ਰੋਸ ਪ੍ਰਦਰਸ਼ਨ ਧਰਨੇ ਵਿੱਚ ਸ਼ਾਮਲ ਹੋਣਾ ਸੀ। ਪਰ ਸਾਨੂੰ ਸਾਜਰੇ ਸਵੇਰੇ ਹੀ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ। ਸਾਡੇ ਮੋਬਾਈਲ ਫੋਨ ਵੀ ਬੰਦ ਕਰਵਾ ਦਿੱਤੇ ਗਏ।

ਜਦ ਕਿ ਸਰਦਾਰ ਸਿਮਰਨਜੀਤ ਸਿੰਘ ਮਾਨ ਜੋ ਕਿ ਮੈਂਬਰ ਪਾਰਲੀਮੈਂਟ ਦੇ ਮੈਂਬਰ ਹਨ ਜੋ ਹਮੇਸ਼ਾ ਹੀ ਸੰਵਿਧਾਨ ਦੇ ਮੁਤਾਬਿਕ ਗੱਲ ਕਰਦੇ ਹਨ। ਸਵਿਧਾਨ 14,19,21 ਅਨੁਸਾਰ ਸਾਨੂੰ ਪੂਰੀ ਅਜ਼ਾਦੀ ਹੈ ਕਿ ਅਸੀਂ ਰੋਸ਼ ਰੈਲੀ ਕਰ ਸਕਦੇ ਹਾਂ।

ਇਸ ਮੌਕੇ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਦੇ ਨਾਲ ਬਲਕਾਰ ਸਿੰਘ ਭੁੱਲਰ ਮੈਂਬਰ ਪੀ ਏ ਸੀ, ਬਲਵੀਰ ਸਿੰਘ ਸੁਹਾਣਾ, ਨੈਬ ਸਿੰਘ ਗਿਗਾ ਮਾਜਰਾ, ਸੇਵਾ ਸਿੰਘ ਗਿਗਾ ਮਾਜਰਾ, ਬਲਵਿੰਦਰ ਸਿੰਘ ਕਾਕਾ ਸਿਓਰਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਵੀ ਸਿਟੀ ਮਾਲੇਰਕੋਟਲਾ ਵਿਖੇ ਨਜਰਬੰਦ ਕੀਤਾ ਗਿਆ।

### ਡਿਪਟੀ ਕਮਿਸ਼ਨਰ ਵਲੋਂ ਆਮ ਲੋਕਾਂ ਲਈ ਮੁਫਤ ਅਲਟਰਾ ਸਾਊਂਡ, ਐਕਸ-ਰੇ ਅਤੇ

# ਦਵਾਈਆਂ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਸਪੈਸ਼ਲ ਚੈਕਿੰਗ

**ਚੌਕ ਮਹਿਤਾ, 2 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੀਆਂ ਹਿਦਾਇਤਾ ਅਨੁਸਾਰ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਸੰਦੀਪ ਕੁਮਾਰ ਜੀ ਵਲੋਂ ਸਿਹਤ ਵਿਭਾਗ ਅਧੀਨ ਆਮ ਲੋਕਾਂ ਲਈ ਮੁਫਤ ਅਲਟਰਾ ਸਾਊਂਡ, ਐਕਸ-ਰੇ ਅਤੇ ਦਵਾਈਆਂ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਸਿਵਲ ਹਸਪਤਾਲ ਤਰਨਤਾਰਨ ਵਿਖੇ ਸਪੈਸ਼ਲ ਚੈਕਿੰਗ ਕੀਤੀ ਗਈ, ਤਾਂ ਜੋ ਜਿਲ੍ਹੇ ਭਰ ਵਿਚ ਆਮ ਲੋਕਾਂ ਲਈ ਮੁਫਤ ਅਲਟਰਾ ਸਾਊਂਡ, ਐਕਸ-ਰੇ ਅਤੇ ਦਵਾਈਆਂ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣੀਆਂ ਯਕੀਨੀ ਬਣਾਈਆਂ ਜਾ ਸਕਣ। ਇਸ ਚੈਕਿੰਗ ਦੌਰਾਣ ਉਹਨਾਂ ਵਲੋਂ ਦਵਾਈਆਂ ਦਾ ਸਟਾਕ, ਉ.ਪੀ.ਡੀ. ਵਿਭਾਗ, ਮੈਡੀਸਨ, ਐਕਸ ਰੇ, ਅਲਟਰਾ ਸਾਊਂਡ, ਐਮ.ਸੀ.ਐਚ. ਵਿਭਾਗ ਵਿਚ ਜਾਂਚ ਕੀਤੀ ਗਈ ਅਤੇ ਮਰੀਜਾਂ ਪਾਸੋਂ ਮੁਫਤ ਦਵਾਈਆਂ ਅਤੇ ਟੈਸਟਾਂ ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਉਨਾ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਿਦਾਇਤ ਕੀਤੀ ਕਿ ਸਾਰੀਆਂ ਦਵਾਈਆਂ ਹਸਪਤਾਲ ਵਿਚੋਂ ਹੀ ਉਪਲੱਬਧ ਕਰਵਾਈਆਂ ਜਾਣ ਅਤੇ ਬਾਹਰੋਂ ਕਿਸੇ ਵੀ ਮਰੀਜ ਨੂੰ ਦਵਾਈ ਨਾਂ ਲਿਖੀ ਜਾਵੇ।ਇਸ ਦੌਰਾਨ ਜਿਲਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ, ਸਹਾਇਕ ਸਿਵਲ ਸਰਜਨ ਡਾ ਦੇਵੀ ਬਾਲਾ, ਜਿਲਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਸੀਨੀਅਰ ਮੈਡੀਕਲ ਅਫਸਰ ਡਾ ਕੰਵਲਜੀਤ ਸਿੰਘ, ਜਿਲਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ, ਡਾ ਅਮਨਦੀਪ ਸਿੰਘ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।



# ਸਿੱਖ ਕਾਰਕੁੰਨ ਕਦੇ ਵੀ ਡਰ ਕੇ ਘਰ ਨਹੀਂ ਬੈਠਣਗੇ ਤੇ ਸਿੱਖ ਰਾਜ ਲਈ ਸੰਘਰਸ਼ ਕਰਦੇ ਰਹਿਣਗੇ: ਵਿਦੇਸ਼ੀ ਸਿੱਖ ਜਥੇਬੰਦੀਆਂ

### ਸਿਮਰਨਜੀਤ ਸਿੰਘ ਤੇ ਹੋਏ ਹਮਲੇ ਦੀ ਸਖ਼ਤ ਨਿਖੇਧੀ

ਨਵੀਂ ਦਿੱਲੀ 2 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਕਨੈਡਾ ਅੰਦਰ ਸਿਮਰਨਜੀਤ ਸਿੰਘ ਜੋ ਕਿ ਹਰਦੀਪ ਸਿੰਘ ਨਿੱਝਰ ਦੇ ਕਰੀਬੀ ਸਨ, ਦੇ ਘਰ ਉਪਰ ਬੀਤੀ ਰਾਤ ਕੀਤੀ ਗਈ ਦੋ ਨਕਾਬਪੋਸ਼ਾ ਵਲੋਂ ਗੋਲੀਬਾਰੀ ਦੀ ਵਿਦੇਸ਼ਾਂ ਅੰਦਰ ਰਹਿ ਰਹੇ ਸਿੱਖਾਂ ਨੇ ਸਖ਼ਤ ਸ਼ਬਦਾਂ ਅੰਦਰ ਨਿੰਦਾ ਕਰਦਿਆਂ ਇਸ ਪਿੱਛੇ ਹਿੰਦੁਸਤਾਨ ਦੇ ਹੱਥ ਹੋਣ ਦਾ ਖਦਸ਼ਾ ਪ੍ਰਗਟ ਕੀਤਾ ਹੈ । ਵਿਦੇਸ਼ੀ ਧਰਤੀ ’ਤੇ ਭਾਰਤ ਦਾ ਅੰਤਰ-ਰਾਸ਼ਟਰੀ ਦਮਨ ਅਤੇ ਅੱਤਵਾਦ ਦੀਆਂ ਕਾਰਵਾਈਆਂ ਜਾਰੀ ਹਨ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਪ੍ਰਮੁੱਖ ਸਲਾਹਕਾਰ ਦਬਿੰਦਰਜੀਤ ਸਿੰਘ ਨੇ ਕੈਨੇਡਾ ਵਿੱਚ ਇੱਕ ਸਿੱਖ ਕਾਰਕੁਨ ਦੇ ਕਤਲ ਦੀ ਤਾਜ਼ਾ ਕੋਸ਼ਸ਼ਿ ਦੀਆਂ ਖਬਰਾਂ ’ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਇਹ ਸਪੱਸ਼ਟ ਹੈ ਕਿ ਭਾਰਤ ਸਰਕਾਰ ਸਿੱਖ ਹੋਮਲੈਂਡ ਦੀ ਮੁੜ ਸਥਾਪਨਾ ਦੀ ਵਕਾਲਤ ਕਰ ਰਹੇ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ’ਤੇ ਤੁਲੀ ਹੋਈ ਹੈ। ਵਿਸ਼ਵ ਭਰ ਦੀਆਂ ਸਰਕਾਰਾਂ, ਖਾਸ ਤੌਰ ’ਤੇ ਅਮਰੀਕਾ ਦੀ ਅਗਵਾਈ ਵਾਲੇ ਫਾਈਵ ਆਈਜ਼ ਦੇਸ਼ਾਂ ਨੂੰ ਹਰਦੀਪ ਸਿੰਘ ਨਿੱਝਰ ਦੇ ਨਜ਼ਦੀਕੀ ਦੋਸਤ ਦੀ ਕੈਨੇਡਾ ਵਿੱਚ ਹੋਈ ਤਾਜ਼ਾ ਗੋਲੀਬਾਰੀ ਅਤੇ ਹੱਤਿਆ ਦੀ ਕੋਸ਼ਸ਼ਿ ਲਈ ਜ਼ੰਿਮੇਵਾਰ ਲੋਕਾਂ ਦੀ ਸਖ਼ਤ ਨਿੰਦਾ ਕਰਨ ਦੀ ਲੋੜ ਹੈ।ਸਮਾਂ ਆ ਗਿਆ ਹੈ ਕਿ ਸਰਕਾਰਾਂ ਉਨ੍ਹਾਂ ਭਾਰਤੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਜੋ ਸਪੱਸ਼ਟ ਤੌਰ ’ਤੇ ਕਾਨੂੰਨ ਦੇ ਸ਼ਾਸਨ, ਹੋਰ ਦੇਸ਼ਾਂ ਦੀ ਪ੍ਰਭੂਸੱਤਾ ਅਤੇ ਸਿੱਖ ਹੋਮਲੈਂਡ, ਖਾਲਿਸਤਾਨ ਲਈ ਮੁਹਿੰਮ ਚਲਾਉਣ ਲਈ ਆਪਣੇ ਜਮਹੂਰੀ ਅਧਿਕਾਰਾਂ ਦੀ ਵਰਤੋਂ ਕਰਨ ਵਾਲਿਆਂ ਦਾ ਕੋਈ ਸਤਿਕਾਰ ਨਹੀਂ ਕਰਦੇ ਹਨ। ਬਰਤਾਨਵੀ ਸਿੱਖ ਹੋਣ ਦੇ ਨਾਤੇ ਅਸੀਂ ਇਹ ਦੇਖਣਾ ਚਾਹੁੰਦੇ ਹਾਂ ਕਿ ਕੀ ਯੂਕੇ ਸਰਕਾਰ ਭਾਰਤੀ ਅਧਿਕਾਰੀਆਂ ਨਾਲ ਖੜ੍ਹੀ ਹੁੰਦੀ ਹੈ ਜਾ ਫੇਰ ਕੈਨੇਡਾ ਅਤੇ ਅਮਰੀਕਾ ਦੀਆਂ ਸਰਕਾਰਾਂ ਨਾਲ, ਬਲਕਿ ਸਿੱਖ ਕਾਰਕੁਨਾਂ ਨਾਲ ਵੀ ਇੱਕਮੁੱਠਤਾ ਦਿਖਾਉਂਦੀ ਹੈ ਜੋ ਇਹਨਾਂ ਵਲੋਂ ਕੀਤੀ ਜਾ ਰਹੀ ਦਹਿਸ਼ਤੀ ਕਾਰਵਾਈਆਂ ਤੋਂ ਖਤਰੇ ਵਿੱਚ ਹਨ। ਸਰੀ ਵਿੱਚ ਸਿੱਖ ਕਾਰਕੁੰਨ ਦੇ ਘਰ ‘ਤੇ ਚੱਲੀਆਂ ਗੋਲੀਆਂ ਬਾਰੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਬੀਸੀ ਗੁਰਦੁਆਰਾ ਕੌਂਸਲ ਦੇ ਮੁਖੀ ਮੋਨਿੰਦਰ ਸਿੰਘ ਨੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਯਕੀਨ ਨਾਲ ਕਿਹਾ ਕਿ ਇਸ ਵਾਰਦਾਤ ਪਿੱਛੇ ਹਿੰਦ ਸਰਕਾਰ ਦਾ ਹੀ ਹੱਥ ਹੈ। ਉਹ ਸਾਨੂੰ ਡਰਾ ਕੇ ਘਰ ਬਿਠਾਉਣਾ ਚਾਹੁੰਦੇ ਹਨ ਪਰ ਸਿੱਖ ਕਾਰਕੁੰਨ ਕਦੇ ਵੀ ਡਰ ਕੇ ਘਰ ਨਹੀਂ ਬੈਠਣਗੇ ਤੇ ਸਿੱਖ ਰਾਜ ਲਈ ਸੰਘਰਸ਼ ਕਰਦੇ ਰਹਿਣਗੇ। ਉਹਨਾਂ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਹ ਕਾਰਵਾਈ ਸਿੱਖਾਂ ਨੂੰ ਡਰਾਉਣ ਧਮਕਾਉਣ ਜਾਂ ਖੌਫਜ਼ਾਦਾ ਕਰਨ ਲਈ ਹੈ, ਜਿਸ ਵਿੱਚ ਇੰਡੀਅਨ ਸਟੇਟ ਬਿਲਕੁਲ ਕਾਮਯਾਬ ਨਹੀਂ ਹੋ ਸਕੇਗੀ।



# ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤਾ ਬਜਟ ਭਵਿੱਖ ਦੇ ਨਿਰਮਾਣ ਦੀ ਗਰੰਟੀ ਬਜਟ ਹੈ: ਦੂੱਲਟ,ਮਿੱਤਲ, ਜੱਗਾ

ਧੂਰੀ ( ਰਣਜੀਤ ਸਿੰਘ ਪੇਧਨੀ ) ਦੇਸ਼ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਰਤੀ ਜਨਤਾ ਪਾਰਟੀ ਸਰਕਾਰ ਵਿੱਚ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤਾ ਗਿਆ ਬਜਟ ਭਵਿੱਖ ਦੇ ਨਿਰਮਾਣ ਦੀ ਗਰੰਟੀ ਬਜਟ ਹੈ ਬਜਟ ਦੀ ਸਲਾਂਘਾ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਦੁਲਟ, ਜ਼ਲ੍ਹਿੇ ਦੇ ਸੀਨੀਅਰ ਮੀਤ ਪ੍ਰਧਾਨ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਅਤੇ ਪ੍ਰਦੇਸ਼ ਦੇ ਕਾਰਜਕਾਰੀ ਮੈਂਬਰ ਜਗਦੇਵ ਜਿੰਦਲ ਜੱਗਾ ਨੇ ਕਿਹਾ ਕਿ ਇਹ ਬਜਟ ਗਰੀਬਾਂ, ਕਿਸਾਨਾਂ ,ਮਜ਼ਦੂਰਾਂ, ਵਪਾਰੀਆਂ, ਆੜਤੀਆਂ ਤੇ ਫੋਕਸ ਹੈ ਇਸ ਦੇ ਨਾਲ ਦੇਸ ਹੋਰ ਤਰੱਕੀ ਵੱਲ ਵਧੇਗਾ। ਆਗੂਆਂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਲੋਕ ਭਲਾਈ ਸਕੀਮਾਂ ਤੋਂ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ ਅਤੇ ਇਸ ਬਜਟ ਵਿੱਚ ਦੇਸ਼ ਨੂੰ ਅਤੇ ਪੰਜਾਬ ਨੂੰ ਤਰੱਕੀ ਵੱਲ ਲੈ ਕੇ ਜਾਣ ਵਾਲੀਆਂ ਅਨੇਕਾਂ ਸਕੀਮਾਂ ਹਨ ਜਿਸ ਦੇ ਦੇਸ਼ ਹੋਰ ਵੀ ਤਰੱਕੀ ਕਰੇਗਾ । ਆਗੂਆਂ ਨੇ ਕਿਹਾ ਕਿ ਪੰਜਾਬ ਦੇ ਵਾਸੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਭਲੀਭਾਂਤ ਜਾਣੂ ਹਨ ਹੁਣ ਪੰਜਾਬ ਵਾਸੀਆਂ ਨੇ ਮਨ ਬਣਾ ਲਿਆ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ ਤੀਸਰੀ ਵਾਰ ਕੇਂਦਰ ਵਿੱਚ ਸਰਕਾਰ ਬਣਾਉਣ ਵਿੱਚ ਪੰਜਾਬ ਦੇ ਵਾਸੀ ਆਪਣਾ ਯੋਗਦਾਨ ਪਾਉਣਗੇ ।




### ਇਤਿਹਾਸਕ ਪਿੰਡ ਚਕਰ ਵਿਖੇ ਸ਼ੁਕਰਾਨਾ ਸਮਾਗਮ ਕਰਵਾਇਆ

# ਪ੍ਰਕਾਸ਼ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ








ਜਗਰਾਉਂ – (ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਚਕਰ ਵਿਖੇ ਬੀ ਕੇ ਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਸ: ਸੁਦਾਗਰ ਸਿੰਘ ਦੇ ਪੋਤਰੇ ਅਤੇ ਸ: ਰਮਨਦੀਪ ਸਿੰਘ ਅਤੇ ਸਰਦਾਰਨੀ ਹਰਦੀਪ ਕੌਰ ਦੇ ਲਾਡਲੇ ਪੁੱਤਰ ਤਿਰਲੋਕ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸਮੂਹ ਪਰਿਵਾਰ ਵੱਲੋਂ ਆਪਣੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ, ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਨਾਨਕਸਰ ਠਾਠ ਬੱਧਨੀ ਕਲਾਂ ਤੋਂ ਭਾਈ ਅਮਨਦੀਪ ਸਿੰਘ ਅਤੇ ਬਾਬਾ ਜਸਪਾਲ ਸਿੰਘ ਜੀ ਨੇ ਕਥਾ ਕੀਰਤਨ ਰਾਹੀਂ ਆਪਣੀ ਹਾਜ਼ਰੀ ਭਰੀ, ਤੇ ਕਾਕਾ ਤਿਰਲੋਕ ਸਿੰਘ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ, ਸਮੂਹ ਗੁਰਸੰਗਤਾਂ ਨੇ ਵੀ ਪਰਿਵਾਰ ਨੂੰ ਵਧਾਈਆਂ ਤੇ ਅਸੀਸਾਂ ਦਿੱਤੀਆਂ, ਇਸ ਮੌਕੇ ਬਾਬਾ ਜਸਪਾਲ ਸਿੰਘ ਜੀ ਨੇ ਕਿਹਾ ਕਿ ਸ: ਸੁਦਾਗਰ ਸਿੰਘ ਜੀ ਅਤੇ ਉਨ੍ਹਾਂ ਦਾ ਪਰਿਵਾਰ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਸੇਵਾਵਾਂ ਨਿਭਾਉਂਦਾ ਹੈ। ਪਰਿਵਾਰ ਨੇ ਆਪਣੇ ਗ੍ਰਹਿ ਵਿਖੇ ਕਾਕਾ ਤਿਰਲੋਕ ਸਿੰਘ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਖ਼ਾਸ ਸ਼ੁਕਰਾਨਾ ਸਮਾਗਮ ਕਰਵਾਇਆ, ਤੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਨੇ, ਸਮੂਹ ਪਰਿਵਾਰ ਵਧਾਈ ਦਾ ਪਾਤਰ ਹੈ। ਜਿਸ ਨੇ ਤਿੰਨੇ ਦਿਨ ਸ਼ਰਧਾ ਅਤੇ ਸਤਿਕਾਰ ਨਾਲ ਸੇਵਾਵਾਂ ਨਿਭਾਈਆਂ, ਅੰਤ ਵਿੱਚ ਪ੍ਰਧਾਨ ਸ: ਸੁਦਾਗਰ ਸਿੰਘ ਜੀ ਨੇ ਸ਼ੁਕਰਾਨਾ ਸਮਾਗਮ ਵਿੱਚ ਹਾਜ਼ਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਅਤੇ ਨਾਲ ਨਾਲ ਕਥਾ ਕੀਰਤਨ ਦੀਆਂ ਸੇਵਾਵਾਂ ਨਿਭਾਉਣ ਵਾਲੇ ਠਾਠ ਬੱਧਨੀ ਕਲਾਂ ਤੋਂ ਭਾਈ ਅਮਨਦੀਪ ਸਿੰਘ ਅਤੇ ਬਾਬਾ ਜਸਪਾਲ ਸਿੰਘ ਜੀ ਦਾ ਵੀ ਸਤਿਕਾਰ ਸਹਿਤ ਧੰਨਵਾਦ ਕੀਤਾ, ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ, ਸਾਬਕਾ ਸਰਪੰਚ ਹਰਜੀਤ ਸਿੰਘ ਲੋਪੋ, ਸਰਪੰਚ ਪਰਮਜੀਤ ਕੌਰ, ਸੁਖਦੇਵ ਸਿੰਘ ਬੂਟਾ, ਮਨਜੀਤ ਸਿੰਘ ਚਕਰ, ਸ: ਰਮਨਦੀਪ ਸਿੰਘ ਚਕਰ, ਹਰਦੀਪ ਕੌਰ, ਡਾਕਟਰ ਸੁੱਖਾ ਚਕਰ, ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

## ਕੇਂਦਰ ਅਤੇ ਸੂਬਾ ਸਰਕਾਰ ਵਿਰੁੱਧ ਹੋਵੇਗੀ ਦੇਸ਼ ਵਿਆਪੀ ਹੜਤਾਲ



ਫ਼ਿਰੋਜ਼ਪੁਰ, 2 ਫਰਵਰੀ (ਮਨੋਹਰ ਲਾਲ) :— ਕੇਂਦਰ ਅਤੇ ਸੂਬਾ ਸਰਕਾਰ ਦੀਆਂ ਮਾਰੂ ਨੀਤੀਆਂ ਵਿਰੁੱਧ ਰੋਹ ਜ਼ਾਹਿਰ ਕਰ ਰਹੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਵੱਲੋਂ 16 ਫਰਵਰੀ ਨੂੰ ਕੀਤੀ ਜਾਵੇਗੀ ਹੜਤਾਲ। ਇਸ ਸਬੰਧੀ ਮੀਟਿੰਗ ਕਰਦਿਆਂ ਆਗੂਆਂ ਨੇ ਸਮੂਹ ਸਾਥੀਆਂ ਨੂੰ ਇਸ ਰੋਹ ਮੁਜ਼ਾਹਰੇ ਵਿਚ ਸ਼ਾਮਿਲ ਹੋਣ ਦੀ ਗੁਹਾਰ ਲਗਾਉਂਦਿਆਂ ਕਿਹਾ ਕਿ ਕੇਂਦਰੀ ਅਤੇ ਰਾਜ ਸਰਕਾਰੀ ਮੁਲਾਜ਼ਮ ਇਨ੍ਹਾਂ ਸਰਕਾਰਾਂ ਦੀਆਂ ਮਜ਼ਦੂਰ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਵਿਰੁੱਧ ਵਿਚ ਪਿਛਲੇ ਲੰਬੇ ਸਮੇਂ ਤੋਂ ਅੰਦੋਲਨ ਦੇ ਰਾਹ ਤੇ ਹਨ। ਇਹ ਦੇਸ਼ ਵਿਆਪੀ ਸੰਘਰਸ਼ ਕੇਂਦਰੀ, ਰਾਜ ਸਰਕਾਰ ਅਤੇ ਅਰਧ ਸਰਕਾਰੀ ਮੁਲਾਜ਼ਮਾਂ, ਮਜ਼ਦੂਰਾਂ ਅਤੇ ਅਧਿਆਪਕਾਂ ਦੀਆਂ ਸਾਝੀਆਂ ਮੰਗਾਂ ਲਈ ਕੀਤਾ ਜਾ ਰਿਹਾ ਹੈ। ਦੇਸ਼ ਭਰ ਵਿਚ ਧਰਨੇ, ਪ੍ਰਦਰਸ਼ਨ ਅਤੇ ਜਥਾ ਮਾਰਚ ਕਰਨ ਤੋਂ ਬਾਅਦ ਵੀ ਜਦੋਂ ਹਾਕਮਾਂ ਨੇ ਗੱਲਬਾਤ ਰਾਹੀਂ ਕਿਸੇ ਮੁੱਦੇ ਦਾ ਕੋਈ ਹੱਲ ਨਹੀਂ ਕੀਤਾ ਤਾਂ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਕਨਫੈਡਰੇਸ਼ਨ ਆਫ ਸੈਂਟਰਲ ਗਵਰਨਮੈਂਟ ਇੰਪਲਾਈਜ਼ ਅਤੇ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨਾਂ ਨੇ ਸਾਂਝੇ ਤੌਰ ਤੇ 16 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਸਾਂਝਾ ਸੱਦਾ ਦਿੱਤਾ ਹੈ। ਇਸ ਹੜਤਾਲ ਦਾ ਦੇਸ਼ ਭਰ ਦੀਆਂ ਕਿਸਾਨ ਜਥੇਬੰਦੀਆਂ ਤੇ ਆਧਾਰਿਤ ਸੰਯੁਕਤ ਕਿਸਾਨ ਮੋਰਚੇ ਨੇ ਵੀ ਸਮਰਥਨ ਕਰਦਿਆਂ 16 ਫਰਵਰੀ ਨੂੰ ਪਿੰਡਾਂ ਤੇ ਕਸਬਿਆਂ ਤੱਕ ਨੂੰ ਬੰਦ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਗਾਂ ਪੀ.ਐਫ.ਆਰ.ਡੀ.ਏ ਐਕਟ ਰੱਦ ਕੀਤਾ ਜਾਵੇ ਅਤੇ ਨਵੀਂ ਪੈਨਸ਼ਨ ਸਕੀਮ ਖਤਮ ਕੀਤੀ ਜਾਵੇ। ਫੰਡ ਮਨੇਜਰ ਕੋਲ ਪਈ ਰਕਮ ਸਬੰਧਤ ਰਾਜਾਂ ਨੂੰ ਵਾਪਸ ਕੀਤੀ ਜਾਵੇ ਅਤੇ ਰਾਜਸਥਾਨ ਤੇ ਛਤੀਸਗੜ੍ਹ ਵਿਚ ਮੁੜ ਨਵੀਂ ਪੈਨਸ਼ਨ ਸਕੀਮ ਲਾਗੂ ਕਰਨ ਤੇ ਰੋਕ ਲਗਾਈ ਜਾਵੇ। ਈ.ਪੀ.ਐਸ 1995 ਅਧੀਨ ਆਉਂਦੇ ਮੁਲਾਜ਼ਮਾਂ ਤੇ ਵੀ ਪਰਿਭਾਸ਼ਤ ਲਾਭ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਠੇਕਾ ਆਊਟਸੋਰਸ, ਦਿਹਾੜੀ ਦੇ ਆਧਾਰ ਤੇ ਨਿਯੁਕਤੀਆਂ ਕਰਨੀਆਂ ਬੰਦ ਕੀਤੀਆਂ ਜਾਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਸਾਰੇ ਰਾਜਾਂ ਅੰਦਰ ਸਰਕਾਰੀ ਵਿਭਾਗਾਂ ਅਤੇ ਜਨਤਕ ਖੇਤਰ ਦੇ ਅਦਾਰਿਆਂ ਅੰਦਰ ਖਾਲੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਤੁਰੰਤ ਭਰੀਆਂ ਜਾਣ। ਮਾਣ ਭੱਤਾ ਇਨਸੈਂਟਿਵ ਮੁਲਾਜ਼ਮਾਂ ਤੇ ਘੱਟੋ—ਘੱਟ ਤਨਖਾਹ ਸਕੇਲ ਲਾਗੂ ਕੀਤੇ ਜਾਣ। ਉਨ੍ਹਾਂ ਕਿਹਾ ਕਿ ਜਨਤਕ ਖੇਤਰ ਦੇ ਅਦਾਰਿਆਂ ਦਾ ਨਿਜੀਕਰਨ ਅਤੇ ਸਰਕਾਰੀ ਵਿਭਾਗਾਂ ਦੀ ਆਕਾਰ ਘਟਾਈ ਬੰਦ ਕੀਤੀ ਜਾਵੇ, ਨਵੀਂ ਕੌਮੀ ਸਿਖਿਆ ਨੀਤੀ 2020 ਅਤੇ ਬਿਜਲੀ ਬਿੱਲ 2020 ਵਾਪਸ ਲਿਆ ਜਾਵੇ ਅਤੇ ਸੰਵਿਧਾਨ ਦੀ ਧਾਰਾ 310, 311(ਏ), ਬੀ, ਸੀ ਨੂੰ ਰੱਦ ਕੀਤਾ ਜਾਵੇ ਅਤੇ ਸਭ ਤਰ੍ਹਾਂ ਦੇ ਮੁਲਾਜ਼ਮ ਵਿਰੋਧੀ ਸਰਕੂਲਰ ਤੇ ਆਦੇਸ਼ ਵਾਪਸ ਲਏ ਜਾਣ।

## ਬੱਗੇ ਕੇ ਪਿੱਪਲ ਦੇ ਸਰਕਾਰੀ ਸਕੂਲੀ ਬੱਚਿਆਂ ਦਾ ਕੀਤਾ ਚੈਕਅਪ



ਫ਼ਿਰੋਜ਼ਪੁਰ, 2 ਫਰਵਰੀ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਪਿੰਡ ਬੱਗੇ ਕੇ ਪਿੱਪਲ ਦੇ ਸਰਕਾਰੀ ਸੈਕੰਡਰੀ ਸਕੂਲ ਵਿਖੇ ਬੱਚਿਆਂ ਦੇ ਦੰਦਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ: ਸੁਕੀਰਤ ਕੌਰ, ਡਾ: ਸਾਧਿਕਾ, ਡਾ: ਪਲਵੀ, ਡਾ: ਪ੍ਰਭਮ ਨੇ ਸਾਰੇ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਦੇਖਭਾਲ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਡਾਕਟਰਾਂ ਨੇ ਬੱਚਿਆਂ ਨੂੰ ਦੰਦਾਂ ਦੀ ਸਫਾਈ, ਸਹੀ ਬੁਰਸ਼ ਕਰਨ ਦੀਆਂ ਤਕਨੀਕਾਂ ਅਤੇ ਸਿਹਤਮੰਦ ਖਾਣ—ਪੀਣ ਦੀਆਂ ਆਦਤਾਂ ਬਾਰੇ ਸਿਖਾਇਆ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੁਨੀਤਾ ਨੇ ਇਸ ਕੈਂਪ ਦੇ ਆਯੋਜਨ ਲਈ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਅਤੇ ਇਸ ਨੂੰ ਇੱਕ ਮਹੱਤਵਪੂਰਨ ਸੇਵਾ ਦੱਸਿਆ। ਇਸ ਤਰ੍ਹਾਂ ਇਸ ਪ੍ਰੋਗਰਾਮ ਨੇ ਨਾ ਸਿਰਫ਼ ਬੱਚਿਆਂ ਦੇ ਦੰਦਾਂ ਦੀ ਦੇਖਭਾਲ ਨੂੰ ਉਤਸ਼ਾਹਿਤ ਕੀਤਾ ਸਗੋਂ ਸਿਹਤ ਸਬੰਧੀ ਜਾਗਰੂਕਤਾ ਨੂੰ ਵੀ ਉਤਸ਼ਾਹਿਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਪੂਨਮ ਅਰੋੜਾ, ਪੀ.ਆਰ.ਓ ਰਣਜੀਤ ਸਿੰਘ, ਮਨਜੀਤ ਸਿੰਘ ਆਦਿ ਸਕੂਲ ਸਟਾਫ਼ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਪ ਦੀ ਸਰਕਾਰ ਆਪ ਦੇ ਦੁਆਰ” ਤਹਿਤ ਜ਼ਿਲ੍ਹੇ ਭਰ ਚ ਲਗਾਏ ਜਾਣਗੇ ਸਪੈਸ਼ਲ ਕੈਂਪ- ਜਸਪ੍ਰੀਤ ਸਿੰਘ

# ਕੈਂਪਾਂ ਦੌਰਾਨ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ ਨਿਪਟਾਰਾ



ਬਠਿੰਡਾ, 2 ਫਰਵਰੀ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਦਰਾਂ ਨੇੜੇ ਜਾ ਕੇ ਕਰਨ ਲਈ ਵਿੱਢੀ ਗਈ ਮੁਹਿੰਮ “ਆਪ ਦੀ ਸਰਕਾਰ ਆਪ ਦੇ ਦੁਆਰ” ਤਹਿਤ ਜ਼ਿਲ੍ਹੇ ਭਰ ਚ ਵੱਖ-ਵੱਖ ਪਿੰਡਾਂ ਵਿੱਚ 6 ਫਰਵਰੀ ਤੋਂ ਕੈਂਪ ਲਗਾਏ ਜਾਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਅਗਾਊਂ ਪ੍ਰਬੰਧਾਂ ਸਬੰਧੀ ਵੱਖ-ਵੱਖ ਦੇ ਅਧਿਕਾਰੀਆਂ ਨਾਲ ਕੀਤੀ ਗਈ ਬੈਠਕ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮਕਸਦ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਇੱਕੋ ਛੱਤ ਥੱਲੇ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਮੁਹੱਈਆ ਕਰਾਉਣਾ, ਲੋਕਾਂ ਦੀਆਂ ਮੁਸ਼ਕਿਲਾਂ ਸੁਣਨਾ ਅਤੇ ਉਨ੍ਹਾਂ ਦਾ ਮੌਕੇ ਤੇ ਹੀ ਹੱਲ ਕਰਨਾ ਹੈ। ਉਨ੍ਹਾਂ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲਗਾਏ ਜਾਣ ਵਾਲੇ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ ’ਤੇ ਨਿਬੇੜਾ ਕਰਨਾ ਯਕੀਨੀ ਬਣਾਉਣ। ਲਗਾਏ ਜਾਣ ਵਾਲੇ ਇਨ੍ਹਾਂ ਕੈਂਪਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਦੀਆਂ ਚਾਰ ਸਬ-ਡਵੀਜਨਾਂ ਬਠਿੰਡਾ, ਰਾਮਪੁਰਾ ਫੂਲ, ਤਲਵੰਡੀ ਸਾਬੋ ਅਤੇ ਮੌੜ ਦੇ ਪਿੰਡਾਂ ਵਿੱਚ ਕੁੱਲ 302 ਕੈਂਪ ਲਗਾਏ ਜਾਣਗੇ। ਇਹ ਕੈਂਪ ਸਬ-ਡਵੀਜ਼ਨ ਬਠਿੰਡਾ ਦੇ ਪਿੰਡਾਂ ਵਿੱਚ 6 ਫਰਵਰੀ ਨੂੰ ਪਿੰਡ ਮੁਲਤਾਨੀਆਂ, ਮੀਆਂ, ਭੁੱਚੋ ਖੁਰਦ ਅਤੇ ਬੁਰਜ ਕਾਹਨ ਸਿੰਘ ਵਾਲਾ ਵਿਖੇ, 7 ਫਰਵਰੀ ਨੂੰ ਪਿੰਡ ਗਿੱਲ ਪੱਤੀ, ਅਮਰਗੜ੍ਹ, ਗੁਰੂਸਰ ਸੈਣੇਵਾਲਾ ਅਤੇ ਫੁੱਲੋ ਮਿੱਠੀ ਵਿਖੇ ਲਗਾਏ ਜਾਣਗੇ। ਸਬ-ਡਵੀਜ਼ਨ ਤਲਵੰਡੀ ਸਾਬੋ ਦੇ ਪਿੰਡਾਂ ਵਿਚ 6 ਫਰਵਰੀ ਨੂੰ ਭਾਗੀਵਾਂਦਰ ਅਤੇ ਰਾਮਸਰਾ ਵਿਖੇ, 7 ਫਰਵਰੀ ਨੂੰ ਜੱਜਲ ਅਤੇ ਪੱਕਾ ਕਲਾਂ ਵਿਖੇ, ਸਬ-ਡਵੀਜਨ ਰਾਮਪੁਰਾ ਫੂਲ ਦੇ ਪਿੰਡ ਰਾਮੂੰਵਾਲਾ ਅਤੇ ਭਾਈਰੂਪਾ ਵਿਖੇ 6 ਫਰਵਰੀ ਨੂੰ ਅਤੇ ਹਾਕਮ ਸਿੰਘ ਵਾਲਾ ਅਤੇ ਸੇਲਬਰਾਹ ਵਿਖੇ 7 ਫਰਵਰੀ ਨੂੰ, ਇਸੇ ਤਰ੍ਹਾਂ ਹੀ ਸਬ-ਡਵੀਜਨ ਮੌੜ ਵਿਖੇ 6 ਫਰਵਰੀ ਨੂੰ ਥੰਮਣਗੜ੍ਹ ਅਤੇ ਗਹਿਰੀ ਬਾਰਾ ਸਿੰਘ ਅਤੇ 7 ਫਰਵਰੀ ਨੂੰ ਪਿੰਡ ਬਾਲਿਆਂਵਾਲੀ ਅਤੇ ਭੂੰਦੜ ਵਿਖੇ ਕੈਂਪ ਲਗਾਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਮੌਕੇ ਤੇ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਅੱਗੇ ਕਿਹਾ ਇਨ੍ਹਾਂ ਕੈਂਪਾਂ ਦੌਰਾਨ ਵੱਖ-ਵੱਖ 43 ਤਰ੍ਹਾਂ ਦੀਆਂ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ, ਜਿੰਨ੍ਹਾਂ ਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਰਿਤ ਪੈਨਸ਼ਨ, ਉਸਾਰੀ ਕਿਰਤੀਆਂ ਸਬੰਧੀ ਲਾਭਪਾਤਰੀ, ਜਨਮ ਸਰਟੀਫਿਕੇਟ ’ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਸ਼ਾਦੀ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਦਸਤਾਵੇਜ਼ਾਂ ਦੇ ਤਸਦੀਕ ਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਆਮ ਜਾਤੀ ਸਰਟੀਫਿਕੇਟ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ.ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਿਸ ਕਲੀਅਰੈਂਸ ਸਰਟੀਫਿਕੇਟ ਦੇ ਕਾਉਂਟਰ ਦਸਤਖ਼ਤ, ਮੌਤ ਸਰਟੀਫਿਕੇਟ ’ਚ ਤਬਦੀਲੀ ਆਦਿ ਸੇਵਾਵਾਂ ਸ਼ਾਮਲ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ. ਮਨਦੀਪ ਕੌਰ, ਸਹਾਇਕ ਕਮਿਸ਼ਨਰ (ਜਨਰਲ) ਪੰਕਜ ਕੁਮਾਰ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਮੈਡਮ ਇਨਾਯਤ, ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਮੈਡਮ ਬਲਜੀਤ ਕੌਰ, ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਬੈਠਕ

ਆਵਾਜ਼ਿ ਕੌਮ AWAZE QAUM International Newspaper & WEB TV

ਕੈਨੇਡੀਅਨ ਵਫ਼ਦ ਨੇ ਮੌਜੂਦਾ ਖੋਜ ਅਤੇ ਅਕਾਦਮਿਕ ਵਿਸ਼ਿਆਂ ’ਤੇ

# ਜੀ.ਕੇ.ਯੂ. ਦੇ ਸੀਨੀਅਰ ਅਧਿਕਾਰੀਆਂ ਨਾਲ ਵਿਚਾਰ ਚਰਚਾ ਕੀਤੀ

ਤਲਵੰਡੀ ਸਾਬੋ, 02 ਫਰਵਰੀ (ਗੁਰਜੰਟ ਸਿੰਘ ਨਥੇਹਾ)- ਮੈਕਗਿਲ ਯੂਨੀਵਰਸਿਟੀ ਮਾਂਟਰੀਅਲ ਤੋਂ ਡਾ. ਸ਼ਿਵ. ਓ. ਪਰਾਸ਼ਰ ਅਤੇ ਗੁਇਲਫ਼ ਯੂਨੀਵਰਸਿਟੀ ਤੋਂ ਡਾ. ਰਮੇਸ਼ ਪੀ. ਰੁਦਰਾ ਦੀ ਅਗਵਾਈ ਹੇਠ ਕੈਨੇਡੀਅਨ ਵਿਗਿਆਨਕ ਵਫ਼ਦ ਨੇ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਦੌਰਾ ਕੀਤਾ ਅਤੇ ਪ੍ਰਚਲਿਤ ਖੋਜ ਨਾਲ ਸਬੰਧਿਤ ਸੀਨੀਅਰ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਜੀ.ਕੇ.ਯੂ. ਦੇ ਵਾਈਸ ਚਾਂਸਲਰ ਡਾ. ਐਸ. ਕੇ. ਬਾਵਾ, ਪ੍ਰੋ. ਵਾਈਸ-ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਖੇਤੀਬਾੜੀ ਅਤੇ ਇੰਜੀਨੀਅਰਿੰਗ ਫੈਕਲਟੀ ਦੇ ਡੀਨ ਅਤੇ ਫੈਕਲਟੀ ਮੈਂਬਰ ਇਸ ਵਿਚਾਰ ਚਰਚਾ ਵਿੱਚ ਸ਼ਾਮਲ ਹੋਏ। ਡਾ. ਐੱਸ.ਕੇ. ਬਾਵਾ ਨੇ ਯੂਨੀਵਰਸਿਟੀ ਦੇ ਪ੍ਰਮੁੱਖ ਖੇਤਰਾਂ ਵਜੋਂ ਖੇਤੀਬਾੜੀ ਅਤੇ ਖੇਡਾਂ ’ਤੇ ਜ਼ੋਰ ਦਿੰਦੇ ਹੋਏ ਜੀ.ਕੇ.ਯੂ. ਦੀਆਂ ਹਾਲੀਆਂ ਪ੍ਰਾਪਤੀਆਂ ’ਤੇ ਚਾਨਣਾ ਪਾਇਆ। ਵੱਖ-ਵੱਖ ਮੁੱਦਿਆਂ ਅਤੇ ਆਉਣ ਵਾਲੀਆਂ ਸੰਭਾਵਨਾਵਾਂ ਦੇ ਮੱਦੇ ਨਜ਼ਰ ਕੈਨੇਡਾ ਦੀਆਂ ਪ੍ਰਸਿੱਧ ਮੈਕਗਿਲ ਯੂਨੀਵਰਸਿਟੀ ਅਤੇ ਯੂਨੀਵਰਸਿਟੀ ਆੱਫ ਗੁਇਲਫ਼ ਨਾਲ ਸਹਿਯੋਗ ਲਈ ਉਤਸੁਕਤਾ ਜ਼ਾਹਰ ਕੀਤੀ। ਡਾ. ਜਗਤਾਰ ਸਿੰਘ ਧੀਮਾਨ, ਪ੍ਰੋ ਵਾਈਸ ਚਾਂਸਲਰ ਨੇ ਵਫ਼ਦ ਦੇ ਮੈਂਬਰਾਂ ਨਾਲ ਸਭਨਾਂ ਦੀ ਜਾਣ-ਪਛਾਣ ਕਰਵਾਈ ਅਤੇ ਇੰਟਰਐਕਟਿਵ ਮੀਟਿੰਗ ਦੇ ਏਜੰਡੇ ਨੂੰ ਸੰਚਾਲਿਤ ਕੀਤਾ। ਉਨ੍ਹਾਂ ਦੱਸਿਆ ਕਿ ਡਾ. ਪਰਾਸ਼ਰ ਅਤੇ ਡਾ. ਰੁਦਰਾ ਦੋਵੇਂ ਜੀ.ਕੇ.ਯੂ. ਤੋਂ ਡੀ.ਐਸ.ਸੀ. ਦੀਆਂ ਮਾਣਯੋਗ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦੇਸ਼ੀ ਵਿਗਿਆਨੀ ਹਨ। ਵਫ਼ਦ ਨੇ ਖੋਜ ਸੰਬੰਧੀ ਸਹਿਯੋਗ ਦੇ ਸੰਭਾਵੀ ਖੇਤਰਾਂ, ਜਿਵੇਂ ਕਿ ਵਾਤਾਵਰਨ ਸੁਰੱਖਿਆ ’ਤੇ ਖੋਜ, ਪਾਣੀ ਬਚਾਉਣ ਵਾਲੀ ਤਕਨਾਲੋਜੀ, ਮਿੱਟੀ ਦੇ ਸਿਹਤ ਲਈ ਬਾਇਓਚਾਰ ਅਤੇ ਹਾਈਡ੍ਰੋਜਲ ਅਤੇ ਪ੍ਰਦੂਸ਼ਿਤ ਪਾਣੀ ਨੂੰ ਠੀਕ ਕਰਨ ਲਈ ਬਾਇਓਰੀਮੀਡੀਏਸ਼ਨ ਤਕਨੀਕਾਂ ਬਾਰੇ ਖੋਜ ਸਹਿਯੋਗ ਦੀ ਸੰਭਾਵਨਾਵਾਂ ਬਾਰੇ ਚਾਨਣਾ ਪਾਇਆ। ਖੇਤ ਦੀ ਮਿੱਟੀ ਨੂੰ ਹਾਰਮੋਨਸ, ਐਂਟੀਬਾਇਓਟਿਕਸ ਅਤੇ ਕੀਟਨਾਸ਼ਕਾਂ ਤੋਂ ਮੁਕਤ ਕਰਨ ਦੇ ਨਾਲ-ਨਾਲ ਜਲ ਪ੍ਰਦੂਸ਼ਣ ਦੇ ਗੈਰ-ਪੁਆਇੰਟ ਸਰੋਤਾਂ ਨਾਲ ਨਜਿੱਠਣ, ਏਕੀਕ੍ਰਿਤ ਖੇਤੀ ਪ੍ਰਣਾਲੀ ਦੀ ਸੁਰੱਖਿਆ ਯਕੀਨੀ ਬਣਾਉਣ ਸਬੰਧੀ ਆਦਿ ਮੁੱਦਿਆ ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਸ ਮੌਕੇ ਅਕਾਦਮਿਕ ਸਹਿਯੋਗ ਦੀਆਂ ਸੰਭਾਵਨਾਵਾਂ ’ਤੇ ਵੀ ਚਰਚਾ ਕੀਤੀ ਗਈ। ਜਿਸ ਵਿੱਚ ਉਦਯੋਗ ਨਾਲ ਤਾਲਮੇਲ ਲਈ ਵਿਦਿਆਰਥੀਆਂ ਦੀ ਰੁਜ਼ਗਾਰ ਯੋਗਤਾ ਨੂੰ ਵਧਾਉਣਾ, ਵਿਸ਼ੇਸ਼ ਕੋਰਸਾਂ ਦਾ ਵਿਕਾਸ ਕਰਨਾ ਅਤੇ ਭਾਗੀਦਾਰਾਂ ਦੀ ਸ਼ਮੂਲੀਅਤ ਨੂੰ ਸ਼ਾਮਲ ਕਰਨ ਵਰਗੇ ਮੁੱਦੇ ਵੀ ਸ਼ਾਮਲ ਕੀਤੇ ਗਏ। ਵਫ਼ਦ ਦੇ ਮਾਹਿਰ ਮੈਂਬਰਾਂ ਵੱਲੋਂ ਸਭਨਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ। ਕਰਨਲ (ਰਿਟਾ.) ਸੁਨੀਲ ਸ਼ਰਮਾ, ਮੇਜਰ (ਰਿਟਾ.) ਰਵਿੰਦਰ ਸੰਧੂ ਅਤੇ ਡਾ. ਸੰਜੀਵ ਦੇਵਗਨ ਜੋ ਕਿ ਕੈਨੇਡੀਅਨ ਵਫ਼ਦ ਦੇ ਨਾਲ ਸਨ, ਨੇ ਗੈਰ-ਜ਼ਹਿਰੀਲੇ ਕਾਸਮੈਟਿਕ ਉਤਪਾਦਾਂ ਅਤੇ ਫੌਜ ਦੇ ਰੁਜ਼ਗਾਰ ਦੇ ਮੌਕਿਆਂ ਦਾ ਲਾਭ ਪ੍ਰਾਪਤ ਕਰਨ ਦੀਆਂ ਸੰਭਾਵਨਾਵਾਂ ਵਰਗੇ ਵਿਸ਼ਿਆਂ ’ਤੇ ਚਰਚਾ ਕੀਤੀ। ਮੀਟਿੰਗ ਦੇ ਅੰਤ ਵਿੱਚ ਜੀ.ਕੇ.ਯੂ. ਨੇ ਵਫ਼ਦ ਨੂੰ ਯਾਦਗਾਰੀ ਚਿੰਨ੍ਹ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ। ਡਾ. ਜਗਤਾਰ ਸਿੰਘ ਚੀਫ਼ ਲਾਇਬ੍ਰੇਰੀਅਨ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ, ਫ਼ਲਦਾਇਕ ਸਹਿਯੋਗ ਦੀ ਸੰਭਾਵਨਾਵਾਂ ’ਤੇ ਜ਼ੋਰ ਦਿੱਤਾ ਅਤੇ ਸ਼ਾਮਲ ਸੰਸਥਾਵਾਂ ਲਈ ਨਵੇਂ ਦ੍ਰਿਸ਼ ਖੁੱਲ੍ਹਣ ’ਤੇ ਸਭਨਾਂ ਨੂੰ ਵਧਾਈ ਦਿੱਤੀ।





ਆਵਾਜ਼ਿ ਕੌਮ AWAZE QAUM International Newspaper & WEB TV

# ਐੱਮ.ਪੀ. ਸਿਮਰਨਜੀਤ ਸਿੰਘ ਮਾਨ ਨੂੰ ਪੁਲਿਸ ਵੱਲੋਂ ਘਰ ’ਚ ਨਜ਼ਰਬੰਦ ਕਰਨਾ ਲੋਕਤੰਤਰ ਦਾ ਘਾਣ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 2 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਸੰਗਰੂਰ ਹਲਕੇ ਦੇ ਐੱਮ.ਪੀ. ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ’ਤੇ ਪੁਲਿਸ ਨੇ ਘਰ ਵਿੱਚ ਨਜ਼ਰਬੰਦ ਕਰਕੇ ਲੋਕਤੰਤਰ ਦਾ ਘਾਣ ਕੀਤਾ ਹੈ, ਸਿੱਖਾਂ ਅਤੇ ਪੰਜਾਬੀਆਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਸਿਮਰਨਜੀਤ ਸਿੰਘ ਮਾਨ ਨੇ ਭਾਨੇ ਸਿੱਧੂ ਨਾਲ ਹੋਈ ਧੱਕੇਸ਼ਾਹੀ ਦੇ ਵਿਰੋਧ ਵਿੱਚ ਸ਼ਾਂਤਮਈ ਪ੍ਰਦਰਸ਼ਨ ਕਰਨਾ ਸੀ ਜਿਨ੍ਹਾਂ ਨੂੰ ਰੋਕ ਕੇ ਪੁਲਿਸ ਨੇ ਨਾਦਰਸ਼ਾਹੀ ਵਤੀਰਾ ਕੀਤਾ ਹੈ। ਕੀ ਹੁਣ ਸ਼ਾਂਤਮਈ ਧਰਨੇ-ਪ੍ਰਦਰਸ਼ਨ ਕਰਨੇ ਵੀ ਗੁਨਾਹ ਹੈ ? ਬਾਦਲ-ਕੈਪਟਨ ਵਾਂਗ ਭਗਵੰਤ ਮਾਨ ਵੀ ਹੰਕਾਰਿਆ ਗਿਆ ਹੈ ਉਹ ਸੱਤਾ ਦੇ ਨਸ਼ੇ ’ਚ ਅੰਨ੍ਹਾ ਹੋ ਗਿਆ ਹੈ ਤੇ ਆਪਣੇ ਹੀ ਪੰਜਾਬ ਦੇ ਲੋਕਾਂ ਨੂੰ ਜ਼ੁਲਮ ਦੀ ਚੱਕੀ ’ਚ ਪੀਸ ਰਿਹਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਭਗਵੰਤ ਮਾਨ ਦੀ ਪੁਲਿਸ ਜਿਨ੍ਹਾਂ ਸਿੱਖਾਂ ਨੂੰ ਗ੍ਰਿਫਤਾਰ ਕਰ ਰਹੀ ਹੈ ਉਹ ਲੋਕ ਪੰਜਾਬ ਦੇ ਹੱਕਾਂ-ਹਕੂਕ ਵਾਸਤੇ ਸੰਘਰਸ਼ ਕਰਨ ਵਾਲੇ ਯੋਧੇ ਹਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਰਦਾਰ ਸਿਮਰਨਜੀਤ ਸਿੰਘ ਮਾਨ ਜੋ ਹਮੇਸ਼ਾਂ ਪੰਥ ਅਤੇ ਪੰਜਾਬ ਦੇ ਨਾਲ ਖੜ੍ਹੇ ਹਨ ਅਤੇ ਹੁਣ ਵੀ ਉਹ ਲਗਾਤਾਰ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ, ਭਾਈ ਸੰਦੀਪ ਸਿੰਘ ਦੀਪ ਸਿੱਧੂ, ਸ਼ੁੱਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲਾਂ ਵਿਰੁੱਧ ਆਵਾਜ਼ ਬੁਲੰਦ ਕਰ ਰਹੇ ਹਨ। ਉਹਨਾਂ ਕਿਹਾ ਕਿ ਸਰਦਾਰ ਸਿਮਰਨਜੀਤ ਸਿੰਘ ਮਾਨ ਹੀ ਅਸਲ ’ਚ ਪੰਥ ਅਤੇ ਪੰਜਾਬ ਦਾ ਪੁੱਤਰ ਹੈ, ਬਾਕੀ ਬਾਦਲਕੇ, ਕਾਂਗਰਸੀਏ, ਭਾਜਪਾ ਤੇ ਝਾੜੂ ਵਾਲੇ ਸਭ ਪੰਥ ਅਤੇ ਪੰਜਾਬ ਦੇ ਗੱਦਾਰ ਹਨ, ਪੰਥ ਵਿਰੁੱਧ ਭੁਗਤਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸੁਖਦੇਵ ਸਿੰਘ ਢੀਂਡਸਾ ਵਲੋ ਸਿਮਰਨਜੀਤ ਸਿੰਘ ਮਾਨ ਨੂੰ ਨਜ਼ਰਬੰਦ ਰੱਖਣ ਦੀ ਨਿਖੇਧੀ

**ਚੰਡੀਗੜ੍ਹ, 2 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਤੇ ਸਾਬਕਾ ਕੇਂਦਰੀ ਮੰਤਰੀ ਸ.ਸੁਖਦੇਵ ਸਿੰਘ ਢੀਂਡਸਾ ਨੇ ਸਮਾਜ ਸੇਵੀ ਭਾਨਾ ਸਿੱਧੂ ਦੀ ਰਿਹਾਈ ਲਈ ਉਲੀਕੇ ਗਏ ਪ੍ਰੋਗਰਾਮ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਲੋਕ ਸਭਾ ਮੈਂਬਰ ਸ. ਸਿਮਰਨਜੀਤ ਸਿੰਘ ਮਾਨ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਸ਼ਾਮਿਲ ਹੋਣ ਤੋਂ ਰੋਕਣ ਲਈ ਘਰ ਵਿਚ ਨਜ਼ਰਬੰਦ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਇਥੇ ਜਾਰੀ ਬਿਆਨ ਵਿੱਚ ਸ. ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਤਹਿਤ ਭਾਨਾ ਸਿੱਧੂ ਖਿਲਾਫ ਝੂਠੇ ਕੇਸ ਦਰਜ ਕੀਤੇ ਜਾ ਰਹੇ ਹਨ। ਸਰਕਾਰ ਖਿਲਾਫ਼ ਉੱਠ ਰਹੇ ਹਰ ਸ਼ਖ਼ਸ ਦੀ ਆਵਾਜ਼ ਨੂੰ ਇਸੇ ਤਰ੍ਹਾਂ ਦਬਾਉਣ ਦੀ ਕੋਸ਼ਸ਼ਿ ਕੀਤੀ ਜਾ ਰਹੀ ਹੈ। ਸ. ਢੀਂਡਸਾ ਨੇ ਅੱਗੇ ਕਿਹਾ ਕਿ ਲੋਕ ਸਭਾ ਮੈਂਬਰ ਸਿਮਰਨਜੀਤ ਸਿੰਘ ਮਾਨ ਨੂੰ ਭਾਨਾ ਸਿੱਧੂ ਦੀ ਰਿਹਾਈ ਲਈ ਉਲੀਕੇ ਗਏ ਧਰਨੇ ਵਿੱਚ ਜਾਣ ਤੋਂ ਰੋਕ ਕੇ ਭਗਵੰਤ ਮਾਨ ਸਰਕਾਰ ਨੇ ਆਪਣੇ ਤਾਨਾਸ਼ਾਹੀ ਵਤੀਰੇ ਦੀਆਂ ਸਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਕਾਰਵਾਈ ਸਿੱਧੇ ਤੌਰ ਤੇ ਜਮਹੂਰੀਅਤ ਦਾ ਕਤਲ ਹੈ। ਪੰਜਾਬ ਸਰਕਾਰ ਸੂਬੇ ਅੰਦਰ ਪੁਲਿਸ ਰਾਜ ਸਥਪਿਤ ਕਰਕੇ ਲੋਕਾਂ ਅੰਦਰ ਭੈਅ ਦਾ ਮਾਹੌਲ ਪੈਦਾ ਕਰਨਾ ਚਾਹੁੰਦੀ ਹੈ। ਸ ਢੀਂਡਸਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਮਾਜ ਸੇਵੀ ਭਾਨਾ ਸਿੱਧੂ ਖਿਲਾਫ ਦਰਜ ਮਾਮਲੇ ਰੱਦ ਕਰਨ ਅਤੇ ਲੋਕ ਸਭਾ ਮੈਂਬਰ ਸ. ਸਿਮਰਨਜੀਤ ਸਿੰਘ ਮਾਨ ਨੂੰ ਤੁਰੰਤ ਮੁਕਤ ਕਰਨ ਦੀ ਮੰਗ ਕੀਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਕਲਿਆਣ ਦੇ ਕੰਮਾਂ ਲਈ ਡਾ. ਸਵਰਾਜ ਗਰੋਵਰ ਸਨਮਾਨਿਤ



**ਚੌਕ ਮਹਿਤਾ,2 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)26 ਜਨਵਰੀ ਦਿਹਾੜੇ ਮੌਕੇ ਜਿਲਾ ਪ੍ਰਸ਼ਾਸਨ ਵੱਲੋਂ** ਜਨ ਕਲਿਆਨ ਸੰਗਠਨ ਨੂੰ ਉਹਨਾਂ ਵੱਲੋਂ 2011 ਤੋਂ ਕੀਤੇ ਜਾਣ ਵਾਲੇ ਪ੍ਰੈਕਟੀਕਲ, ਸਾਮਾਜਿਕ ਕਲਿਆਨ ਦੇ ਕੰਮਾ ਲਈ 26 ਜਨਵਰੀ ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਜਨ ਕਲਿਆਨ ਸੰਗਠਨ ਨੂੰ ਕੈਬਨੇਟ ਮੰਤਰੀ ਸ਼੍ਰੀ ਅਮਨ ਅਰੋੜਾ, ਡਿਪਟੀ ਕਮਿਸ਼ਨਰ ਸ਼੍ਰੀ ਘਨਸ਼ਾਮ ਥੋਰੀ ਅਤੇ ਪੁਲਿਸ ਕਮਿਸ਼ਨਰ ਸ਼੍ਰੀ ਗੁਰਪ੍ਰੀਤ ਸਿੰਘ ਨੇ ਦਿੱਤਾ। ਮੁੱਖ ਰੂਪ ਵਿੱਚ ਹਰ ਰੋਜ ਟੂਟੇ ਵਿਖਰੇ ਪਰਿਵਾਰਾ ਅਤੇ ਸਾਲਾਂ ਤੋਂ ਵਖਰੇ ਰਹਿ ਰਹੇ ਪਤੀ ਪਤਨੀ ਦੇ ਪਰਿਵਾਰਾ ਨੂੰ ਵਸਾਉਣਾ, ਕਈ ਪਰਿਵਾਰਾ ਵਿਚ ਘਰੇਲੂ ਹਿੰਸਾ ਰੋਕਣਾ, ਨਸ਼ਾ ਰੋਕਣਾ, ਦਾਜ ਰੋਕਣਾ, ਭਰੂਣ ਹੱਤਿਆ ਰੋਕਣਾ, ਅੰਧਵਿਸ਼ਵਾਸ ਰੋਕਣਾ ਹੈ। ਕਈ ਗਰੀਬਾ ਦੇ ਫ੍ਰੀ ਅਪ੍ਰੇਸ਼ਨ ਕਰਵਾ ਕੇ ਉਹਨਾਂ ਨੂੰ ਨਵਾਂ ਜੀਵਨ ਦਾਨ ਦਿੱਤਾ ਗਿਆ। ਪੂਰੇ ਕੋਵਿਡ ਕਾਲ ਵਿਚ ਗਰੀਬਾਂ ਨੂੰ ਅਤੇ ਕੋਵਿਡ ਪੀੜਤਾ ਪਰਿਵਾਰਾਂ ਦੀ ਹਰ ਜਰੂਰੀ ਮਦਦ ਕੀਤੀ ਗਈ। ਸਲਮ ਇਲਾਕੇ ਵਾਲੇ ਨਿਵਾਸੀਆਂ ਨੂੰ ਸ਼ਗੂਨ ਸਕੀਮ, ਆਯੂਸ਼ਮਾਨ ਭਾਰਤ ਯੋਜਨਾ, ਜਨਨੀ ਯੋਜਨਾ, ਮਹਿਲਾ ਕਲਿਯਾਨ, ਬ੍ਰਿਧ ਕਲਿਯਾਨਾ ਅਤੇ ਮਜਦੂਰ ਕਲਿਯਾਨ ਦੀਆਂ ਸਾਰੀਆਂ ਸਰਕਾਰੀ ਯੋਜਨਾਵਾਂ ਦਾ ਲਾਭ ਦਿਲਵਾਇਆ ਗਿਆ। ਜੋੜਾ ਫਾਟਕ ਹਾਦਸਾ ਪੀੜਤਾ ਦੀ ਹਰ ਮਦਦ ਕੀਤੀ ਗਈ। ਦੁਰਘਟਨਾ ਵਾਲੇ ਲੋਕਾ ਦੇ 34 ਮੈਂਬਰਾ ਨੂੰ ਸਰਕਾਰੀ ਨੋਕਰੀ ਦਿਵਾਉਣ ਦੀ ਸਫਲ ਕੋਸ਼ਿਸ਼ ਕੀਤੀ। ਗਰੀਬਾਂ ਨੂੰ ਸਿਲਾਈ ਮਸ਼ੀਨਾਂ ਦੇ ਕੇ ਆਤਮ ਨਿਰਭਰ ਕਰਨ ਦਾ ਯਤਨ ਕੀਤਾ। ਸਵਰਾਜ ਗਰੋਵਰ ਨੇ ਆਪ ਵੀ ਸ਼ਰੀਰ ਦਾਨ ਕੀਤਾ ਅਤੇ ਦੂਸਰਿਆਂ ਕੋਲੋ ਵੀ ਸ਼ਰੀਰ ਦਾਨ ਕਰਵਾਇਆ। ਅਨੇਕਾ ਹੈਲਥ ਕੈਂਪ ਲਗਾਏ ਗਏ। ਕੁਦਰਤੀ ਆਪਦਾ ਪੀੜਤਾਂ ਨੂੰ ਹਰ ਜਰੂਰੀ ਸਮਾਨ ਵੰਡੀਆ। ਭ੍ਰਿਸ਼ਟਾਚਾਰ, ਰਿਸ਼ਵਤਖੋਰੀ, ਮਿਲਾਵਟ, ਤਸਕਰੀ, ਬਾਲ ਮਜਦੂਰੀ ਦਾ ਪਰਜੋਰ ਵਿਰੋਧ ਕੀਤਾ। ਵਾਤਾਵਰਣ ਜਾਗਰੂਕਤਾ ਗਤੀਵਿਧਿਆਂ ਕਰਵਾਇਆਂ ਗਈਆਂ। ਰਾਸ਼ਟਰੀ, ਨੈਤਿਕ, ਮੱਨੁਖੀ, ਸਾਮਾਜਿਕ ਮੁਲਾਂ ਦੇ ਅਧਾਰਿਤ ਅਨੇਕਾ ਪ੍ਰੋਗਰਾਮ ਕੀਤੇ ਗਏ। ਇਹ ਸਨਮਾਨ ਸੰਗਠਨ ਦੀ ਸੰਸਥਾਪਕ ਅਤੇ ਡਾਇਰੈਕਟਰ ਡਾ. ਸਵਰਾਜ ਗਰੋਵਰ, ਉਅਧਿਯਕਸ਼ ਸ਼੍ਰੀਮਤੀ ਇੰਦਰਾ ਧਵਨ ਅਤੇ ਸਚਿਵ ਸ਼੍ਰੀਮਤੀ ਡਾਲੀ ਭਾਟਿਆ ਨੇ ਹਾਸਲ ਕੀਤਾ। ਸੰਗਠਨ ਦੇ ਸਾਰੇ ਮੈਂਬਰਾਂ ਨੇ ਵਧਾਈ ਦਿੰਦੇ ਹੋਏ ਪ੍ਰੈਕਟੀਕਲ ਕਲਿਆਨ ਦੇ ਕੰਮਾ ਨੂੰ ਹੋਰ ਜਿਆਦਾ ਤੇਜੀ ਨਾਲ ਕਰਨ ਦਾ ਸੰਕਲਪ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਬਾਬਾ ਜਰਨੈਲ ਸਿੰਘ ਜੀ ਜੈਤੋ ਸਰਜਾ ਵਾਲੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਗੁਰਦੁਆਰਾ ਬਾਬਾ ਕਾਲਾ ਮਾਹਿਰ ਜੀ ਅਲਗੋ ਖੁਰਦ ਬਰਾਨਾ ਵਿਖੇ ਪਹੁੰਚੇ













(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਮੀਤ ਪ੍ਰਧਾਨ ਜਥੇਦਾਰ ਬਾਬਾ ਜਰਨੈਲ ਸਿੰਘ ਜੀ ਜੈਤੋ ਸਰਜਾ ਵਾਲੇ ਅਸਟਰੀਆ ਯੂਰਪ ਦੀ ਧਰਤੀ ਤੋਂ ਪੰਜਾਬ ਆ ਕੇ ਪਹਿਲੀ ਵਾਰ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚੇ ਇਸ ਤੋਂ ਉਪਰੰਤ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ ਹੁਰਾਂ ਦੇ ਗ੍ਰਹਿ ਵਿਖੇ ਪਹੁੰਚੇ। ਇਸ ਤੋਂ ਬਾਅਦ ਗੁਰਦੁਆਰਾ ਬਾਬਾ ਕਾਲਾ ਮਾਹਿਰ ਜੀ ਪਿੰਡ ਅਲਗੋਂ ਬਰਾਨਾ ਖੁਰਦ ਦੀ ਪ੍ਰਬੰਧਕ ਕਮੇਟੀ ਦੇ ਸੱਦੇ ਤੇ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ ਅਤੇ ਪ੍ਰਬੰਧਕ ਕਮੇਟੀ ਨਾਲ ਕੁਝ ਵਿਚਾਰਾ ਸਾਂਝੀਆਂ ਕੀਤੀਆਂ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਅਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ ਗ੍ਰਹਿ ਵਿਖੇ ਪਹੁੰਚਣ ਤੇ ਜਥੇਦਾਰ ਬਾਬਾ ਜਰਨੈਲ ਸਿੰਘ ਜੀ ਦਾ ਸਨਮਾਨ ਕੀਤਾ ਅਤੇ ਜੀ ਆਇਆ ਕਿਹਾ ਨਾਲ ਹੀ ਜਥੇਬੰਦੀ ਬਾਰੇ ਕੁਝ ਵਿਚਾਰਾਂ ਸਾਂਝੀਆਂ ਕੀਤੀਆਂ। ਸ੍ਰ ਬਲਦੇਵ ਸਿੰਘ ਸਾਬਕਾ ਸਰਪੰਚ ਭੈਣੀ ਮੱਸਾ ਸਿੰਘ ਭਾਈ ਗੁਰਭੇਜ ਸਿੰਘ ਭੈਣੀ ਮਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ ਸਰਦਾਰ ਬਲਜੀਤ ਸਿੰਘ ਸਪੁੱਤਰ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭਾਈ ਸਤਪਾਲ ਸਿੰਘ, ਸ੍ਰ ਸ਼ਮਸ਼ੇਰ ਸਿੰਘ, ਸ੍ਰ ਗੁਰਦੇਵ ਸਿੰਘ ,ਸ੍ਰ ਰਵੀਦੀਪ ਸਿੰਘ,ਭਾਈ ਗੁਰਸਾਹਿਬ ਸਿੰਘ, ਭਾਈ ਬਲਜੀਤ ਸਿੰਘ, ਅਤੇ ਹੋਰ ਪਤਵੰਤੇ ਹਾਜਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਾਤਾ ਸਵਿੰਦਰ ਕੌਰ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ



ਚੌਕ ਮਹਿਤਾ,2 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਬੀਤੇ ਦਿਨੀਂ ਸੀਨੀਅਰ ਪੱਤਰਕਾਰ ਗੁਲਜਾਰ ਸਿੰਘ ਖਾਲਸਾ ਦੇ ਮਾਤਾ ਸਵਿੰਦਰ ਕੌਰ ਦਾ ਸੰਖੇਪ ਬਿਮਾਰੀ ਪਿੱਛੋਂ ਦਿਹਾਂਤ ਹੋ ਗਿਆ ਸੀ ।ਮਾਤਾ ਸਵਿੰਦਰ ਕੌਰ ਦਾ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ ਭੋਗ ਤੋਂ ਉਪਰੰਤ ਗੁਰਦੁਆਰਾ ਬਾਬਾ ਬੱਲਾ ਜੀ ਵਿਖੇ ਸ਼ਰਧਾਂਜਲੀ ਸਮਾਗਮ ਹੋਇਆ ਜਿਸ ਵਿਚ ਭਾਈ ਜਗਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਤਪਿਆਣਾ ਸਾਹਿਬ ਖਡੂਰ ਸਾਹਿਬ ਵਾਲੇ, ਹੈਡ ਗ੍ਰੰਥੀ ਗਿਆਨੀ ਭੁਪਿੰਦਰ ਸਿੰਘ ਜੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਗਿਆਨੀ ਹੀਰਾ ਸਿੰਘ ਜੀ ਆਦਿ ਰਾਗੀ ਜਥਿਆਂ ਅਤੇ ਕਥਾ ਵਾਚਕਾਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਕਥਾ ਵਿਚਾਰ ਕੀਤੀ ਗਈ ਤੇ ਅੰਤਿਮ ਅਰਦਾਸ ਹੋਈ ਮਾਤਾ ਸਵਿੰਦਰ ਕੌਰ ਦੀ ਅੰਤਿਮ ਅਰਦਾਸ ਮੌਕੇ ਵੱਡੀ ਗਿਣਤੀ ਵਿੱਚ ਧਾਰਮਿਕ ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਭਰੀ ਗਈ। ਇਸ ਮੌਕੇ ਬਾਬਾ ਅਮਰੀਕ ਸਿੰਘ ਜੀ, ਜਥੇਦਾਰ ਦਲਬੀਰ ਸਿੰਘ ਜਹਾਂਗੀਰ ਜੱਥੇਬੰਦਕ ਸਕੱਤਰ ਸ਼੍ਰੋਮਣੀ ਅਕਾਲੀ ਦਲ, ਕਸ਼ਮੀਰ ਸਿੰਘ ਸਾਹ, ਪ੍ਰਿਤਪਾਲ ਸਿੰਘ ਸਾਹ, ਅਮਨ ਸਾਹ, ਹਰਬੰਸ ਸਿੰਘ, ਜਗਤਾਰ ਸਿੰਘ, ਚਰਨਜੀਤ ਸਿੰਘ, ਜਸਵੰਤ ਸਿੰਘ, ਹਰਜੀਤ ਸਿੰਘ, ਭੈਲ ਸਿੰਘ, ਸਰੂਪ ਸਿੰਘ, ਕੁਲਵੰਤ ਸਿੰਘ, ਅਜੀਤ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਵਿਰੁੱਧ ਗਰਜੇ ਬਿਜਲੀ ਮੁਲਾਜ਼ਮ



ਫ਼ਿਰੋਜ਼ਪੁਰ, 2 ਫਰਵਰੀ (ਮਨੋਹਰ ਲਾਲ) :– ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਬਿਜਲੀ ਮੁਲਾਜ਼ਮਾਂ ਨੇ ਸ਼ਹਿਰੀ ਸਬ ਡਵੀਜਨ ਅਤੇ ਸਬ ਅਰਬਨ ਸਬ ਡਵੀਜਨ ਸਾਹਮਣੇ ਗੇਟ ਰੈਲੀ ਕੀਤੀ ਗਈ, ਬਿਜਲੀ ਮੁਲਾਜ਼ਮਾਂ ਅਤੇ ਰਿਟਾਇਰੀ ਸਾਥੀਆਂ ਦੀਆਂ ਕੱਟੀਆਂ ਤਨਖਾਹਾਂ ਨੂੰ ਵਾਪਸ ਲੈਣ ਵਾਸਤੇ ਵੱਡੀ ਗਿਣਤੀ ਵਿਚ ਗੇਟ ਰੈਲੀ ਕੀਤੀ ਅਤੇ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ ਨਾਅਰੇਬਾਜੀ ਕੀਤੀ ਗਈ ਅਤੇ ਅੱਜ ਦੀ ਸਟੇਜ਼ ਦੀ ਕਾਰਵਾਈ ਰਜੇਸ਼ ਦੱਤਾ ਨੇ ਚਲਾਈ ਅਤੇ ਇਸ ਗੇਟ ਰੈਲੀ ਦੀ ਪ੍ਰਧਾਨਗੀ ਸਤੀਸ਼ ਕੁਮਾਰ ਸਕੱਤਰ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ ਅਤੇ ਵੱਖ–ਵੱਖ ਆਗੂ ਸਾਥੀਆਂ ਨੇ ਹਿੱਸਾ ਲਿਆ। ਆਗੂ ਸਾਥੀ ਸਤੀਸ਼ ਕੁਮਾਰ ਮੀਤ ਸਕੱਤਰ ਪੰਜਾਬ ਸਰਕਲ, ਪ੍ਰਧਾਨ ਅਸ਼ਵਨੀ ਕੁਮਾਰ ਸਰਕਲ ਸਕੱਤਰ ਸੁਖਚੈਨ ਸਿੰਘ ਆਗੂ ਸਾਥੀ ਰਕੇਸ਼ ਸੈਣੀ ਰਜੇਸ਼ ਦੱਤਾ, ਅਮੋਲਕ ਸਿੰਘ, ਨੰਦ ਲਾਲ, ਰੋਸ਼ਨ ਲਾਲ, ਸਤਪਾਲ ਸਿੰਘ, ਲੱਖਾ ਸਿੰਘ, ਰਜਿੰਦਰ ਸਿੰਘ, ਰਮਨ ਕੁਮਾਰ, ਗੁਰਨਾਮ ਸਿੰਘ, ਅਵਤਾਰ ਸਿੰਘ, ਸੁਬਾਸ਼ ਕੁਮਾਰ, ਨੰਦ ਲਾਲ ਆਦਿ ਸਾਥੀਆਂ ਨੇ ਹਿੱਸਾ ਲਿਆ ਅਤੇ ਸਾਥੀ ਮੁਲਾਜ਼ਮਾਂ ਨੇ ਬੋਲਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਤਨਖਾਹਾਂ ਰੋਕਣ ਖਿਲਾਫ ਬਿਜਲੀ ਮੁਲਾਜ਼ਮਾਂ ਵੱਲੋਂ ਧਰਨਾ ਦਿੱਤਾ ਗਿਆ ਅਤੇ ਸੀ.ਆਰ.ਏ 295/19 ਦੇ ਸਾਥੀਆਂ ਨੂੰ ਪੂਰੀਆਂ ਤਨਖਾਹਾਂ ਦਿੱਤੀਆਂ ਜਾਣ, ਜੇਕਰ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਇਹੋ ਵਤੀਰਾ ਰਿਹਾ ਤਾਂ ਆਉਣ ਵਾਲੇ ਸਮੇਂ ਵਿਚ ਮੁਲਾਜ਼ਮਾਂ ਵੱਲੋਂ ਹੋਰ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।

# ਸਾਂਸਦ ਸਿਮਰਨਜੀਤ ਸਿੰਘ ਮਾਨ ਨੂੰ ਘਰ 'ਚ ਨਜ਼ਰਬੰਦ ਕਰਨਾ ਲੋਕਤੰਤਰ ਦਾ ਘਾਣ ਹੈ : ਨਰਿੰਦਰ ਸਿੰਘ ਕਾਲਾਬੂਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਹਮੇਸ਼ਾ ਹੀ ਸਰਕਾਰਾਂ ਨੇ ਪੰਜਾਬ ਦੇ ਸਿੱਖ ਨੌਜਵਾਨਾਂ ਨਾਲ ਦਗਾ ਕਮਾਇਆ ਹੈ।ਪਹਿਲਾਂ ਦੀਪ ਸਿੱਧੂ, ਸਿੱਧੂ ਮੂਸੇਵਾਲਾ, ਦੇ ਹੋਏ ਕਤਲਾਂ ਨੂੰ ਇਨਸਾਫ ਤਾਂ ਕੀ ਦੇਣਾ ਸੀ, ਸਗੋਂ ਵਾਰਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਉਹਨਾਂ ਦੇ ਸਾਥੀਆਂ ਨੂੰ ਡਿੱਬਰੂਗੜ੍ਹ ਜੇਲ ਵਿੱਚ ਬੰਦ ਕਰਿਆ ਗਿਆ ਹੈ। ਸਿੱਖਾਂ ਤੇ ਲਗਾਤਾਰ ਅੱਤਿਆਚਾਰ ਸਰਕਾਰਾਂ ਵੱਲੋਂ ਅਜੇ ਵੀ ਜਾਰੀ ਹੈ। ਵੱਖ-ਵੱਖ ਝੂਠੇ ਕੇਸਾਂ ਵਿੱਚ ਨੌਜਵਾਨਾਂ ਆਗੂ ਭਾਨਾ ਸਿੱਧੂ ਨੂੰ ਬੰਦ ਕੀਤਾ ਹੋਇਆ। ਬੀਤੇ ਦਿਨੀਂ ਪਿੰਡ ਕੋਟਦੋਨੇ ਵਿਖੇ ਭਾਨਾ ਸਿੱਧੂ ਦੇ ਹੱਕ ਵਿੱਚ ਹੋਏ ਇਕੱਠ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਸਰਕਾਰ ਨੂੰ ਮੂੰਹ ਤੋੜ ਜਵਾਬ ਦੇਣਗੇ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਨੂੰ ਨੌਜਵਾਨ ਆਗੂ ਭਾਨਾ ਸਿੱਧੂ ਦੇ ਹੱਕ ਵਿੱਚ ਰੇਲ ਰੋਕਣ ਦੇ ਦਿੱਤੀ ਕਾਲ ਦੇ ਸੰਬੰਧ ਵਿੱਚ ਨਜ਼ਰਬੰਦ ਕਰਨਾ ਅਤੀ ਨਿੰਦਣਯੋਗ ਹੈ ਅਤੇ ਲੋਕਤੰਤਰ ਦਾ ਘਾਣ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ ਨੇ ਕੀਤਾ। ਉਹਨਾਂ ਕਿਹਾ ਕਿ ਕੱਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਬੰਦ ਦਾ ਸੱਦਾ ਦਿੱਤਾ ਗਿਆ ਸੀ ਜਿਸ ਤੇ ਸਾਨੂੰ ਅਤੇ ਸਾਡੀ ਜਥੇਬੰਦੀ ਦੇ ਆਗੂਆਂ ਨੂੰ ਪੰਜਾਬ ਸਰਕਾਰ ਦੀ ਸਹਿ ਤੇ ਵੱਖ-ਵੱਖ ਥਾਣਿਆਂ ਵਿੱਚ ਬੰਦ ਕਰ ਦਿੱਤਾ ਗਿਆ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਭਾਨਾ ਸਿੱਧੂ ਦੇ ਹੱਕ ਵਿੱਚ 3 ਫਰਵਰੀ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਤੇ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਇਸ ਵਿੱਚ ਨੌਜਵਾਨ ਵੱਧ ਤੋਂ ਵੱਧ ਪਿੰਡਾਂ ਚੋਂ ਇਕੱਠ ਕਰਕੇ ਪਹੁੰਚਣ ਤਾਂ ਜੋ ਬਾਈ ਭਾਨਾ ਸਿੱਧੂ ਨੂੰ ਬਿਨਾਂ ਜਮਾਨਤ ਰਿਹਾ ਕਰਵਾਇਆ ਜਾਵੇ।

# ਮੈਡਮ ਦਿਵਿਆ ਸਿੰਗਲਾ ਨੇ ਧੂਰੀ ਦੇ ਤਹਿਸੀਲਦਾਰ ਵਜੋਂ ਚਾਰਜ ਸੰਭਾਲਿਆ



ਧੂਰੀ 2 ਫਰਵਰੀ ( ਰਣਜੀਤ ਸਿੰਘ ਪੇਧਨੀ ) ਤਹੀਸਾਲਦਾਰ ਮੈਡਮ ਦਿਵਿਆ ਸਿੰਗਲਾ ਨੇ ਧੂਰੀ ਦੇ ਨਵੇਂ ਤਹਿਸੀਲਦਾਰ ਵਜੋਂ ਚਾਰਜ ਸੰਭਾਲਿਆ। ਇਸ ਮੌਕੇ ਮੈਡਮ ਦਿਵਿਆ ਸਿੰਗਲਾ ਤਹਿਸੀਲਦਾਰ ਧੂਰੀ ਨੇ ਕਿਹਾ। ਕਿ ਉਨਾਂ ਨੇ ਧੂਰੀ ਦੇ ਤਹਿਸੀਲਦਾਰ ਵਜੋਂ ਚਾਰਜ ਸੰਭਾਲਿਆ ਹੈ ਅਤੇ ਉਹ ਆਪਣੀ ਜਿੰਮੇਵਾਰੀ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਨਿਭਾਉਂਦੇਂ ਹੋਏ ਧੂਰੀ ਤਹਿਸੀਲ ਵਿੱਚ ਆਪਣੇ ਕੰਮਾਂ ਸਬੰਧੀ ਲੋਕਾਂ ਨੂੰ ਕੋਈ ਵੀ ਸਮੱਸਿਆ ਨਹੀਂ ਆਉਣ ਦੇਣਗੇ ਅਤੇ ਲੋਕਾਂ ਦੀਆਂ ਸਮੱਸਿਆਂਵਾਂ ਦੇ ਹੱਲ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।

# ਬੇਅਦਬੀ ਮਾਮਲੇ 'ਚ ਪੰਜਾਬ ਸਰਕਾਰ ਵੱਡਾ ਝਟਕਾ

## ਬਰਖਾਸਤ ਆਈ.ਜੀ. ਪਰਮਰਾਜ ਸਿੰਘ ਉਮਰਾਨੰਗਲ ਨੂੰ ਬਹਾਲ ਕਰਨ ਦੇ ਹੁਕਮ



**ਚੰਡੀਗੜ੍ਹ, 2 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਬੇਅਦਬੀ ਮਾਮਲਿਆਂ ਵਿੱਚ ਪੰਜਾਬ ਸਰਕਾਰ ਨੂੰ ਪੰਜਾਬ ਹਰਿਆਣਾ ਹਾਈਕੋਰਟ ਤੋਂ ਵੱਡਾ ਝਟਕਾ ਲੱਗਾ ਹੈ ਤੇ ਸਸਪੈਂਡ ਕੀਤੇ ਗਏ ਆਈਜੀ ਪਰਮਰਾਜ ਸਿੰਘ ਉਮਰਾਨੰਗਲ ਨੂੰ ਵੱਡੀ ਰਾਹਤ ਮਿਲੀ ਹੈ।ਪੰਜਾਬ ਹਰਿਆਣਾ ਹਾਈਕੋਰਟ ਨੇ ਦਾਖਲ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਪੰਜਾਬ ਸਰਕਾਰ ਨੂੰ 15 ਦਿਨਾਂ 'ਚ ਆਈਜੀ ਪਰਮਰਾਜ ਉਮਰਾਨੰਗਲ ਨੂੰ ਬਹਾਲ ਕਰਨ ਦੇ ਹੁਕਮ ਜਾਰੀ ਕੀਤੇ ਹਨ। ਉਮਰਾਨੰਗਲ ਦੇ ਵਕੀਲ ਨੇ ਕਿਹਾ ਕਿ ਕਾਂਗਰਸ ਸਰਕਾਰ ਤੇ ਆਮ ਆਦਮੀ ਸਰਕਾਰ ਨੇ ਰਾਜਨੀਤਕ ਅਕਾਂਕਸ਼ਾਵਾਂ ਦੇ ਚਲਦਿਆਂ ਆਈਜੀ ਪਰਮਰਾਜ ਸਿੰਘ ਉਮਰਾਨੰਗਲ ਨੂੰ ਪੰਜ ਸਾਲ ਸਸਪੈਂਡ ਕਰ ਰੱਖਿਆ, ਜਦਕਿ ਕਾਨੂੰਨ ਮੁਤਬਕ ਕਿਸੇ ਵੀ IPS ਅਧਿਕਾਰੀ ਨੂੰ 90 ਦਿਨ ਤੋਂ ਵੱਧ ਸਸਪੈਂਡ ਨਹੀਂ ਰੱਖਿਆ ਜਾ ਸਕਦਾ। ਹਾਈ ਕੋਰਟ ਦੇ ਇਸ ਫੈਸਲੇ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੋਧੀਆਂ ਦੇ ਨਿਸ਼ਾਨੇ 'ਤੇ ਆ ਗਈ ਹੈ। ਭੁਲੱਥ ਤੋਂ ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਬੇਅਦਬੀ ਮੁੱਦੇ 'ਤੇ ਮਾਨ ਸਰਕਾਰ ਨੂੰ ਫੇਲ੍ਹ ਕਰਾਰ ਦਿੱਤਾ ਹੈ। ਸੁਖਪਾਲ ਖਹਿਰਾ ਨੇ ਕਿਹਾ ਕਿ ਭਗਵੰਤ ਮਾਨ ਬਤੌਰ ਮੁੱਖ ਮੰਤਰੀ ਤੇ ਗ੍ਰਹਿ ਮੰਤਰੀ ਵਜੋਂ ਬੇਅਦਬੀ ਮਾਮਲਿਆਂ ਦੇ ਸਭ ਤੋਂ ਗੰਭੀਰ ਮੁੱਦੇ ਨੂੰ ਸੰਭਾਲਣ 'ਚ ਅਸਫ਼ਲ ਰਹੀ ਹੈ ਜਿਸ ਕਾਰਨ ਮੁਅੱਤਲ ਕੀਤੇ ਆਈਜੀ ਪਰਮਰਾਜ ਸਿੰਘ ਉਮਰਾਨੰਗ ਨੂੰ ਬਹਾਲ ਕੀਤਾ ਗਿਆ ਹੈ। ਸੁਖਪਾਲ ਖਹਿਰਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਭਗਵੰਤ ਮਾਨ ਬਤੌਰ ਗ੍ਰਹਿ ਮੰਤਰੀ ਉਹ ਪਿਛਲੇ 20 ਮਹੀਨਿਆਂ ਤੋਂ ਡੇਰਾ ਮੁਖੀ ਰਾਮ ਰਹੀਮ ਖਿਲਾਫ਼ ਬੇਅਦਬੀ ਮਾਮਲਿਆਂ 'ਚ ਧਾਰਾ 295 ਏ ਅਤੇ 153 ਏ ਦੇ ਤਹਿਤ ਕਾਰਵਾਈ ਸ਼ੁਰੂ ਕਰਨ ਦੀ ਮਨਜ਼ੂਰੀ ਕਿਉਂ ਨਹੀਂ ਦੇ ਰਹੇ। ਕੀ ਭਗਵੰਤ ਮਾਨ, ਅਰਵਿੰਦ ਕੇਜਰੀਵਾਲ ਅਤੇ ਡੇਰੇ ਦੇ ਪੈਰੋਕਾਰਾਂ ਦੇ ਦਬਾਅ ਹੇਠ ਹਨ ? ਪਰਮਰਾਜ ਸਿੰਘ ਉਮਰਾਨੰਗਲ ਕੋਟਕਪੂਰਾ ਤੇ ਬਹਿਬਲ ਕਲਾਂ ਫਾਇਰਿੰਗ ਮਾਮਲੇ ਵਿੱਚ ਮੁਲਜ਼ਮ ਹਨ। ਇਸੇ ਕਾਰਨ ਉਹਨਾਂ ਨੂੰ ਸਸਪੈਂਡ ਕੀਤਾ ਗਿਆ ਸੀ। ਸ਼ੁੱਕਰਵਾਰ ਨੂੰ ਹਾਈਕੋਰਟ ਨੇ ਇਸ ਸਬੰਧ ਵਿੱਚ ਫੈਸਲਾ ਕੀਤਾ। ਉਨ੍ਹਾਂ ਦੇ ਸਸਪੇਂਡ ਹੁਕਮ ਰੱਦ ਕਰ ਦਿੱਤੇ ਗਏ ਹਨ।

# ਬਾਲੀਵੁੱਡ ਦੀ ਮਸ਼ਹੂਰ ਅਦਾਕਾਰਾ 32 ਸਾਲਾ ਪੂਨਮ ਪਾਂਡੇ ਦਾ ਦਿਹਾਂਤ



ਮੁੰਬਈ, 2 ਫਰਵਰੀ (ਆਵਾਜ਼ਿ ਕੌਮ ਬਿਊਰੋ)-ਬਾਲੀਵੁੱਡ ਦੀ ਮਸ਼ਹੂਰ ਅਦਾਕਾਰਾ ਪੂਨਮ ਪਾਂਡੇ ਦਾ ਅੱਜ ਦਿਹਾਂਤ ਹੋ ਗਿਆ ਹੈ। ਉਨ੍ਹਾਂ ਦੀ ਉਮਰ 32 ਸਾਲ ਸੀ। ਉਨ੍ਹਾਂ ਦੀ ਮੌਤ ਦਾ ਕਾਰਨ ਸਰਵਾਈਕਲ ਕੈਂਸਰਦੱਸਿਆ ਜਾ ਰਿਹਾ ਹੈ। ਖ਼ਬਰਾਂ ਮੁਤਾਬਕ ਅਦਾਕਾਰਾ ਸਰਵਾਈਕਲ ਕੈਂਸਰ ਕਾਰਨ ਜ਼ਿੰਦਗੀ ਦੀ ਲੜਾਈ ਹਾਰ ਗਈ ਹੈ।ਸ਼ੁੱਕਰਵਾਰ ਸਵੇਰੇ ਅਦਾਕਾਰਾ ਦੀ ਮੌਤ ਦੀ ਜਾਣਕਾਰੀ ਉਨ੍ਹਾਂ ਦੀ ਟੀਮ ਨੇ ਇੰਸਟਾਗ੍ਰਾਮ 'ਤੇ ਇਕ ਪੋਸਟ ਰਾਹੀਂ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਪੂਨਮ ਪਾਂਡੇ ਨੇ ਵੀਰਵਾਰ ਸ਼ਾਮ ਨੂੰ ਆਖਰੀ ਸਾਹ ਲਿਆ ਸੀ। ਉਨ੍ਹਾਂ ਦੇ ਇੰਸਟਾਗ੍ਰਾਮ ਅਕਾਊਂਟ ਤੋਂ ਸ਼ੇਅਰ ਕੀਤੇ ਗਏ ਇਸ ਬਿਆਨ ਤੋਂ ਬਾਅਦ ਬਾਲੀਵੁੱਡ ਜਗਤ ਵਿਚ ਸੋਗ ਦੀ ਲਹਿਰ ਦੌੜ ਪਈ ਹੈ।